# ਬਾਣੀ
# ਜਗਤ ਗੁਰੂ ਰਵਿਦਾਸ ਜੀ

ਤੋਹੀ ਮੋਹੀ ਮੋਹੀ ਤੋਹੀ ਅੰਤਰੁ ਕੈਸਾ ॥

(1)

ਸਿਰੀਰਾਗੁ ਬਾਣੀ ਸ੍ਰੀ ਰਵਿਦਾਸ ਜੀਉ ਕੀ
ੴ ਸਤਿਗੁਰ ਪ੍ਰਸਾਦਿ॥

ਤੋਹੀ ਮੋਹੀ ਮੋਹੀ ਤੋਹੀ ਅੰਤਰੁ ਕੈਸਾ॥
ਕਨਕ ਕਟਿਕ ਜਲ ਤਰੰਗ ਜੈਸਾ॥੧॥
ਜਉ ਪੈ ਹਮ ਨ ਪਾਪ ਕਰੰਤਾ ਅਹੇ ਅਨੰਤਾ॥
ਪਤਿਤ ਪਾਵਨ ਨਾਮੁ ਕੈਸੇ ਹੁੰਤਾ॥੧॥ ਰਹਾਉ॥
ਤੁਮ੍ਹ ਜੁ ਨਾਇਕ ਆਛਹੁ ਅੰਤਰਜਾਮੀ॥
ਪ੍ਰਭ ਤੇ ਜਨੁ ਜਾਨੀਜੈ ਜਨ ਤੇ ਸੁਆਮੀ॥੨॥
ਸਰੀਰੁ ਆਰਾਧੈ ਮੋ ਕਉ ਬੀਚਾਰੁ ਦੇਹੂ॥
ਰਵਿਦਾਸ ਸਮ ਦਲ ਸਮਝਾਵੈ ਕੋਊ॥੩॥
(ਪੰਨਾ ੯੩)

(2)

ਰਾਗੁ ਗਉੜੀ ਰਵਿਦਾਸ ਜੀ ਕੇ ਪਦੇ
ਗਉੜੀ ਗੁਆਰੇਰੀ
ੴ ਸਤਿਨਾਮੁ ਕਰਤਾ ਪੁਰਖੁ ਗੁਰਪ੍ਰਸਾਦਿ॥

ਮੇਰੀ ਸੰਗਤਿ ਪੋਚ ਸੋਚ ਦਿਨੁ ਰਾਤੀ॥
ਮੇਰਾ ਕਰਮੁ ਕੁਟਿਲਤਾ ਜਨਮੁ ਕੁਭਾਂਤੀ॥੧॥
ਰਾਮ ਗੁਸਈਆ ਜੀਅ ਕੇ ਜੀਵਨਾ॥
ਮੋਹਿ ਨ ਬਿਸਾਰਹੁ ਮੈ ਜਨੁ ਤੇਰਾ॥੧॥ ਰਹਾਉ॥
ਮੇਰੀ ਹਰਹੁ ਬਿਪਤਿ ਜਨ ਕਰਹੁ ਸੁਭਾਈ॥
ਚਰਣ ਨ ਛਾਡਉ ਸਰੀਰ ਕਲ ਜਾਈ॥੨॥
ਕਹੁ ਰਵਿਦਾਸ ਪਰਉ ਤੇਰੀ ਸਾਭਾ॥
ਬੇਗਿ ਮਿਲਹੁ ਜਨ ਕਰਿ ਨ ਬਿਲਾਂਬਾ॥੩॥੧॥
(ਪੰਨਾ ੩੪੫)

ਬੇਗਮਪੁਰਾ ਸਹਰ ਕੋ ਨਾਉ॥
ਦੂਖੁ ਅੰਦੋਹੁ ਨਹੀ ਤਿਹਿ ਠਾਉ॥

(3)

ਨਾਂ ਤਸਵੀਸ ਖਿਰਾਜੁ ਨ ਮਾਲੁ॥
ਖਉਫੁ ਨ ਖਤਾ ਨ ਤਰਸੁ ਜਵਾਲੁ॥੧॥
ਅਬ ਮੋਹਿ ਖੂਬ ਵਤਨ ਗਹ ਪਾਈ॥
ਊਹਾਂ ਖੈਰਿ ਸਦਾ ਮੇਰੇ ਭਾਈ॥੧॥ ਰਹਾਉ॥
ਕਾਇਮੁ ਦਾਇਮੁ ਸਦਾ ਪਾਤਿਸਾਹੀ॥
ਦੋਮ ਨ ਸੇਮ ਏਕ ਸੋ ਆਹੀ॥
ਆਬਾਦਾਨੁ ਸਦਾ ਮਸਹੂਰ॥
ਊਹਾਂ ਗਨੀ ਬਸਹਿ ਮਾਮੂਰ॥੨॥
ਤਿਉ ਤਿਉ ਸੈਲ ਕਰਹਿ ਜਿਉ ਭਾਵੈ॥
ਮਹਰਮ ਮਹਲ ਨ ਕੋ ਅਟਕਾਵੈ॥
ਕਹਿ ਰਵਿਦਾਸ ਖਲਾਸ ਚਮਾਰਾ॥
ਜੋ ਹਮ ਸਹਰੀ ਸੁ ਮੀਤੁ ਹਮਾਰਾ॥੩॥੨॥
(ਪੰਨਾ ੩੪੫)

(4)

ੴ ਸਤਿਗੁਰ ਪ੍ਰਸਾਦਿ॥
ਗਉੜੀ ਬੈਰਾਗਣਿ ਰਵਿਦਾਸ ਜੀਉ

ਘਟ ਅਵਘਟ ਡੂਗਰ ਘਣਾ
ਇਕੁ ਨਿਰਗੁਣੁ ਬੈਲੁ ਹਮਾਰ॥
ਰਮਈਏ ਸਿਉ ਇਕ ਬੇਨਤੀ
ਮੇਰੀ ਪੂੰਜੀ ਰਾਖੁ ਮੁਰਾਰਿ॥੧॥
ਕੋ ਬਨਜਾਰੋ ਰਾਮ ਕੋ
ਮੇਰਾ ਟਾਂਡਾ ਲਾਦਿਆ ਜਾਇ ਰੇ॥੧॥ ਰਹਾਉ॥
ਹਉ ਬਨਜਾਰੋ ਰਾਮ ਕੋ
ਸਹਜ ਕਰਉ ਬ੍ਯ੍ਯਾਪਾਰੁ॥
ਮੈ ਰਾਮ ਨਾਮ ਧਨੁ ਲਾਦਿਆ
ਬਿਖੁ ਲਾਦੀ ਸੰਸਾਰਿ॥੨॥
ਉਰਵਾਰ ਪਾਰ ਕੇ ਦਾਨੀਆ
ਲਿਖਿ ਲੇਹੁ ਆਲ ਪਤਾਲੁ॥

(5)

ਮੋਹਿ ਜਮ ਡੰਡੁ ਨ ਲਾਗਈ
ਤਜੀਲੇ ਸਰਬ ਜੰਜਾਲ ॥੩॥
ਜੈਸਾ ਰੰਗੁ ਕਸੁੰਭ ਕਾ
ਤੈਸਾ ਇਹੁ ਸੰਸਾਰੁ ॥
ਮੇਰੇ ਰਮਈਏ ਰੰਗੁ ਮਜੀਠ ਕਾ
ਕਹੁ ਰਵਿਦਾਸ ਚਮਾਰ ॥੪॥੧॥ (ਪੰਨਾ ੩੪੫)

ਗਉੜੀ ਪੂਰਬੀ ਰਵਿਦਾਸ ਜੀਉ
ੴ ਸਤਿਗੁਰ ਪ੍ਰਸਾਦਿ ॥

ਕੂਪੁ ਭਰਿਓ ਜੈਸੇ ਦਾਦਿਰਾ
ਕਛੁ ਦੇਸੁ ਬਿਦੇਸੁ ਨ ਬੂਝ ॥
ਐਸੇ ਮੇਰਾ ਮਨੁ ਬਿਖਿਆ ਬਿਮੋਹਿਆ
ਕਛੁ ਆਰਾਪਾਰੁ ਨ ਸੂਝ ॥੧॥
ਸਗਲ ਭਵਨ ਕੇ ਨਾਇਕਾ
ਇਕੁ ਛਿਨੁ ਦਰਸੁ ਦਿਖਾਇ ਜੀ ॥੧॥ ਰਹਾਉ ॥

(6)

ਮਲਿਨ ਭਈ ਮਤਿ ਮਾਧਵਾ
ਤੇਰੀ ਗਤਿ ਲਖੀ ਨ ਜਾਇ ॥
ਕਰਹੁ ਕ੍ਰਿਪਾ ਭ੍ਰਮੁ ਚੂਕਈ
ਮੈ ਸੁਮਤਿ ਦੇਹੁ ਸਮਝਾਇ ॥੨॥
ਜੋਗੀਸਰ ਪਾਵਹਿ ਨਹੀ
ਤੁਅ ਗੁਣ ਕਥਨੁ ਅਪਾਰ ॥
ਪ੍ਰੇਮ ਭਗਤਿ ਕੈ ਕਾਰਣੈ
ਕਹੁ ਰਵਿਦਾਸ ਚਮਾਰ ॥੩॥੧॥
(ਪੰਨਾ ੩੪੬)

ਗਉੜੀ ਬੈਰਾਗਣਿ ਰਵਿਦਾਸ ਜੀਉ
ੴ ਸਤਿਗੁਰ ਪ੍ਰਸਾਦਿ ॥

ਸਤਜੁਗਿ ਸਤੁ ਤੇਤਾ ਜਗੀ
ਦੁਆਪਰਿ ਪੂਜਾਚਾਰ ॥

(7)

ਤੀਨੌ ਜੁਗ ਤੀਨੌ ਦਿੜੇ
ਕਲਿ ਕੇਵਲ ਨਾਮ ਅਧਾਰ ॥੧॥
ਪਾਰੁ ਕੈਸੇ ਪਾਇਬੋ ਰੇ ॥
ਮੋ ਸਉ ਕੋਊ ਨ ਕਹੈ ਸਮਝਾਇ ॥
ਜਾ ਤੇ ਆਵਾਗਵਨੁ ਬਿਲਾਇ ॥੧॥ ਰਹਾਉ ॥
ਬਹੁ ਬਿਧਿ ਧਰਮ ਨਿਰੂਪੀਐ
ਕਰਤਾ ਦੀਸੈ ਸਭ ਲੋਇ ॥
ਕਵਨ ਕਰਮ ਤੇ ਛੂਟੀਐ
ਜਿਹ ਸਾਧੇ ਸਭ ਸਿਧਿ ਹੋਇ ॥੨॥
ਕਰਮ ਅਕਰਮ ਬੀਚਾਰੀਐ
ਸੰਕਾ ਸੁਨਿ ਬੇਦ ਪੁਰਾਨ ॥
ਸੰਸਾ ਸਦ ਹਿਰਦੈ ਬਸੈ
ਕਉਨੁ ਹਿਰੈ ਅਭਿਮਾਨੁ ॥੩॥
ਬਾਹਰੁ ਉਦਕਿ ਪਖਾਰੀਐ
ਘਟ ਭੀਤਰਿ ਬਿਬਿਧਿ ਬਿਕਾਰ ॥

(8)

ਸੁਧ ਕਵਨ ਪਰ ਹੋਇਬੋ
ਸੁਚ ਕੁੰਚਰ ਬਿਧਿ ਬਿਉਹਾਰ ॥੪॥
ਰਵਿ ਪ੍ਰਗਾਸ ਰਜਨੀ ਜਥਾ
ਗਤਿ ਜਾਨਤ ਸਭ ਸੰਸਾਰ ॥
ਪਾਰਸ ਮਾਨੋ ਤਾਬੋ ਛੁਏ
ਕਨਕ ਹੋਤ ਨਹੀ ਬਾਰ ॥੫॥
ਪਰਮ ਪਰਸ ਗੁਰੁ ਭੇਟੀਐ
ਪੂਰਬ ਲਿਖਤ ਲਿਲਾਟ ॥
ਉਨਮਨ ਮਨ ਮਨ ਹੀ ਮਿਲੇ
ਛੁਟਕਤ ਬਜਰ ਕਪਾਟ ॥੬॥
ਭਗਤਿ ਜੁਗਤਿ ਮਤਿ ਸਤਿ ਕਰੀ
ਭ੍ਰਮ ਬੰਧਨ ਕਾਟਿ ਬਿਕਾਰ ॥
ਸੋਈ ਬਸਿ ਰਸਿ ਮਨ ਮਿਲੇ
ਗੁਨ ਨਿਰਗੁਨ ਏਕ ਬਿਚਾਰ ॥੭॥
ਅਨਿਕ ਜਤਨ ਨਿਗ੍ਰਹ ਕੀਏ ਟਾਰੀ
ਨ ਟਰੈ ਭ੍ਰਮ ਫਾਸ ॥

(9)

ਪ੍ਰੇਮ ਭਗਤਿ ਨਹੀ ਊਪਜੈ
ਤਾ ਤੇ ਰਵਿਦਾਸ ਉਦਾਸ ॥੮॥੧॥
(ਪੰਨਾ ੩੪੬)

ਆਸਾ ਬਾਣੀ ਸ੍ਰੀ ਰਵਿਦਾਸ ਜੀਉ ਕੀ
ੴ ਸਤਿਗੁਰ ਪ੍ਰਸਾਦਿ ॥

ਮ੍ਰਿਗ ਮੀਨ ਭ੍ਰਿੰਗ ਪਤੰਗ ਕੁੰਚਰ
ਏਕ ਦੋਖ ਬਿਨਾਸ ॥
ਪੰਚ ਦੋਖ ਅਸਾਧ ਜਾ ਮਹਿ
ਤਾ ਕੀ ਕੇਤਕ ਆਸ ॥੧॥
ਮਾਧੋ ਅਬਿਦਿਆ ਹਿਤ ਕੀਨ ॥
ਬਿਬੇਕ ਦੀਪ ਮਲੀਨ ॥੧॥ ਰਹਾਉ ॥
ਤ੍ਰਿਗਦ ਜੋਨਿ ਅਚੇਤ ਸੰਭਵ
ਪੁੰਨ ਪਾਪ ਅਸੋਚ ॥

(10)

ਮਾਨੁਖਾ ਅਵਤਾਰ ਦੁਲਭ
ਤਿਹੀ ਸੰਗਤਿ ਪੋਚ ॥੨॥
ਜੀਅ ਜੰਤ ਜਹਾ ਜਹਾ ਲਗੁ
ਕਰਮ ਕੇ ਬਸਿ ਜਾਇ ॥
ਕਾਲ ਫਾਸ ਅਬਧ ਲਾਗੇ
ਕਛੁ ਨ ਚਲੈ ਉਪਾਇ ॥੩॥
ਰਵਿਦਾਸ ਦਾਸ ਉਦਾਸ ਤਜੁ ਭ੍ਰਮੁ
ਤਪਨ ਤਪੁ ਗੁਰ ਗਿਆਨ ॥
ਭਗਤ ਜਨ ਭੈ ਹਰਨ
ਪਰਮਾਨੰਦ ਕਰਹੁ ਨਿਦਾਨ ॥੪॥੧॥
(ਪੰਨਾ ੪੮੬)

ਸੰਤ ਤੁਝੀ ਤਨੁ ਸੰਗਤਿ ਪ੍ਰਾਨ ॥
ਸਤਿਗੁਰ ਗਿਆਨ ਜਾਨੈ ਸੰਤ ਦੇਵਾ ਦੇਵ ॥੧॥
ਸੰਤ ਚੀ ਸੰਗਤਿ ਸੰਤ ਕਥਾ ਰਸੁ ॥
ਸੰਤ ਪ੍ਰੇਮ ਮਾਝੈ ਦੀਜੈ ਦੇਵਾ ਦੇਵ ॥੧॥ ਰਹਾਉ ॥

(11)

ਸੰਤ ਆਚਰਣ ਸੰਤ ਚੋ ਮਾਰਗੁ
ਸੰਤ ਚ ਓਲ੍ਹਗ ਓਲ੍ਹਗਣੀ ॥੨॥
ਅਉਰ ਇਕ ਮਾਗਉ ਭਗਤਿ ਚਿੰਤਾਮਣਿ ॥
ਜਣੀ ਲਖਾਵਹੁ ਅਸੰਤ ਪਾਪੀ ਸਣਿ ॥੩॥
ਰਵਿਦਾਸੁ ਭਣੈ ਜੋ ਜਾਣੈ ਸੋ ਜਾਣੁ ॥
ਸੰਤ ਅਨੰਤਹਿ ਅੰਤਰੁ ਨਾਹੀ ॥੪॥੨॥
(ਪੰਨਾ ੪੮੬)

ਤੁਮ ਚੰਦਨ ਹਮ ਇਰੰਡ ਬਾਪੁਰੇ
ਸੰਗਿ ਤੁਮਾਰੇ ਬਾਸਾ ॥
ਨੀਚ ਰੂਖ ਤੇ ਊਚ ਭਏ ਹੈ
ਗੰਧ ਸੁਗੰਧ ਨਿਵਾਸਾ ॥੧॥
ਮਾਧਉ ਸਤਸੰਗਤਿ ਸਰਨਿ ਤੁਮ੍ਾਰੀ ॥
ਹਮ ਅਉਗਨ ਤੁਮ੍ ਉਪਕਾਰੀ ॥੧॥ ਰਹਾਉ ॥
ਤੁਮ ਮਖਤੂਲ ਸੁਪੇਦ ਸਪੀਅਲ
ਹਮ ਬਪੁਰੇ ਜਸ ਕੀਰਾ ॥

(12)

ਸਤਸੰਗਤਿ ਮਿਲਿ ਰਹੀਐ ਮਾਧਉ
ਜੈਸੇ ਮਧੁਪ ਮਖੀਰਾ ॥੨॥
ਜਾਤੀ ਓਛਾ ਪਾਤੀ ਓਛਾ
ਓਛਾ ਜਨਮੁ ਹਮਾਰਾ ॥
ਰਾਜਾ ਰਾਮ ਕੀ ਸੇਵ ਨ ਕੀਨ੍ੀ
ਕਹਿ ਰਵਿਦਾਸ ਚਮਾਰਾ ॥੩॥੩॥
(ਪੰਨਾ ੪੮੬)

ਕਹਾ ਭਇਓ ਜਉ ਤਨੁ ਭਇਓ ਛਿਨੁ ਛਿਨੁ ॥
ਪ੍ਰੇਮੁ ਜਾਇ ਤਉ ਡਰਪੈ ਤੇਰੋ ਜਨੁ ॥੧॥
ਤੁਝਹਿ ਚਰਨ ਅਰਬਿੰਦ ਭਵਨ ਮਨੁ ॥
ਪਾਨ ਕਰਤ ਪਾਇਓ ਪਾਇਓ ਰਾਮਈਆ ਧਨੁ ॥
੧॥ ਰਹਾਉ ॥
ਸੰਪਤਿ ਬਿਪਤਿ ਪਟਲ ਮਾਇਆ ਧਨੁ ॥
ਤਾ ਮਹਿ ਮਗਨ ਹੋਤ ਨ ਤੇਰੋ ਜਨੁ ॥੨॥

(13)

ਪ੍ਰੇਮ ਕੀ ਜੇਵਰੀ ਬਾਧਿਓ ਤੇਰੋ ਜਨ ॥
ਕਹਿ ਰਵਿਦਾਸ ਛੂਟਿਬੋ ਕਵਨ ਗੁਨ ॥੩॥੪॥
(ਪੰਨਾ ੪੮੬)

ਹਰਿ ਹਰਿ ਹਰਿ ਹਰਿ ਹਰਿ ਹਰਿ ਹਰੇ ॥
ਹਰਿ ਸਿਮਰਤ ਜਨ ਗਏ ਨਿਸਤਰਿ ਤਰੇ ॥੧॥
ਰਹਾਉ ॥
ਹਰਿ ਕੇ ਨਾਮ ਕਬੀਰ ਉਜਾਗਰ ॥
ਜਨਮ ਜਨਮ ਕੇ ਕਾਟੇ ਕਾਗਰ ॥੧॥
ਨਿਮਤ ਨਾਮਦੇਉ ਦੂਧੁ ਪੀਆਇਆ ॥
ਤਉ ਜਗ ਜਨਮ ਸੰਕਟ ਨਹੀ ਆਇਆ ॥੨॥
ਜਨ ਰਵਿਦਾਸ ਰਾਮ ਰੰਗਿ ਰਾਤਾ ॥
ਇਉ ਗੁਰ ਪਰਸਾਦਿ
ਨਰਕ ਨਹੀ ਜਾਤਾ ॥੩॥੫॥
(ਪੰਨਾ ੪੮੭)

(14)

ਮਾਟੀ ਕੋ ਪੁਤਰਾ ਕੈਸੇ ਨਚਤੁ ਹੈ ॥
ਦੇਖੈ ਦੇਖੈ ਸੁਨੈ ਬੋਲੈ
ਦਉਰਿਓ ਫਿਰਤੁ ਹੈ ॥੧॥ ਰਹਾਉ ॥
ਜਬ ਕਛੁ ਪਾਵੈ ਤਬ ਗਰਬੁ ਕਰਤੁ ਹੈ ॥
ਮਾਇਆ ਗਈ ਤਬ ਰੋਵਨੁ ਲਗਤੁ ਹੈ ॥੧॥
ਮਨ ਬਚ ਕ੍ਰਮ ਰਸ ਕਸਹਿ ਲੁਭਾਨਾ ॥
ਬਿਨਸਿ ਗਇਆ ਜਾਇ ਕਹੂੰ ਸਮਾਨਾ ॥੨॥
ਕਹਿ ਰਵਿਦਾਸ ਬਾਜੀ ਜਗੁ ਭਾਈ ॥
ਬਾਜੀਗਰ ਸਉ ਮੋੁਹਿ
ਪ੍ਰੀਤਿ ਬਨਿ ਆਈ ॥੩॥੬॥ (ਪੰਨਾ ੪੮੭)

ਗੂਜਰੀ ਸ੍ਰੀ ਰਵਿਦਾਸ ਜੀ ਕੇ ਪਦੇ ਘਰੁ ੩
ੴ ਸਤਿਗੁਰ ਪ੍ਰਸਾਦਿ ॥

ਦੂਧੁ ਤ ਬਛਰੈ ਥਨਹੁ ਬਿਟਾਰਿਓ ॥
ਫੂਲੁ ਭਵਰਿ ਜਲੁ ਮੀਨਿ ਬਿਗਾਰਿਓ ॥੧॥

(15)

ਮਾਈ ਗੋਬਿੰਦ ਪੂਜਾ ਕਹਾ ਲੈ ਚਰਾਵਉ ॥
ਅਵਰੁ ਨ ਫੂਲੁ ਅਨੂਪੁ ਨ ਪਾਵਉ ॥੧॥ ਰਹਾਉ ॥
ਮੈਲਾਗਰ ਬੇਰ੍ਹੇ ਹੈ ਭੁਇਅੰਗਾ ॥
ਬਿਖੁ ਅੰਮ੍ਰਿਤੁ ਬਸਹਿ ਇਕ ਸੰਗਾ ॥੨॥
ਧੂਪ ਦੀਪ ਨਈਬੇਦਹਿ ਬਾਸਾ ॥
ਕੈਸੇ ਪੂਜ ਕਰਹਿ ਤੇਰੀ ਦਾਸਾ ॥੩॥
ਤਨੁ ਮਨੁ ਅਰਪਉ ਪੂਜ ਚਰਾਵਉ ॥
ਗੁਰ ਪਰਸਾਦਿ ਨਿਰੰਜਨੁ ਪਾਵਉ ॥੪॥
ਪੂਜਾ ਅਰਚਾ ਆਹਿ ਨ ਤੋਰੀ ॥
ਕਹਿ ਰਵਿਦਾਸ ਕਵਨ ਗਤਿ ਮੋਰੀ ॥੫॥੧॥
(ਪੰਨਾ ੫੨੫)

ਰਾਗੁ ਸੋਰਠਿ ਬਾਣੀ ਭਗਤ ਰਵਿਦਾਸ ਜੀ ਕੀ
ੴ ਸਤਿਗੁਰ ਪ੍ਰਸਾਦਿ ॥

ਜਬ ਹਮ ਹੋਤੇ ਤਬ ਤੂ ਨਾਹੀ
ਅਬ ਤੂਹੀ ਮੈ ਨਾਹੀ ॥

(16)

ਅਨਲ ਅਗਮ ਜੈਸੇ ਲਹਰਿ ਮਇ ਓਦਧਿ
ਜਲ ਕੇਵਲ ਜਲ ਮਾਂਹੀ ॥੧॥
ਮਾਧਵੇ ਕਿਆ ਕਹੀਐ ਭ੍ਰਮੁ ਐਸਾ ॥
ਜੈਸਾ ਮਾਨੀਐ ਹੋਇ ਨ ਤੈਸਾ ॥੧॥ ਰਹਾਉ ॥
ਨਰਪਤਿ ਏਕੁ ਸਿੰਘਾਸਨਿ ਸੋਇਆ
ਸੁਪਨੇ ਭਇਆ ਭਿਖਾਰੀ ॥
ਅਛਤ ਰਾਜ ਬਿਛੁਰਤ ਦੁਖੁ ਪਾਇਆ
ਸੋ ਗਤਿ ਭਈ ਹਮਾਰੀ ॥੨॥
ਰਾਜ ਭੁਇਅੰਗ ਪ੍ਰਸੰਗ ਜੈਸੇ ਹਹਿ
ਅਬ ਕਛੁ ਮਰਮੁ ਜਨਾਇਆ ॥
ਅਨਿਕ ਕਟਕ ਜੈਸੇ ਭੂਲਿ ਪਰੇ
ਅਬ ਕਹਤੇ ਕਹਨੁ ਨ ਆਇਆ ॥੩॥
ਸਰਬੇ ਏਕੁ ਅਨੇਕੈ ਸੁਆਮੀ
ਸਭ ਘਟ ਭੋੁਗਵੈ ਸੋਈ ॥
ਕਹਿ ਰਵਿਦਾਸ ਹਾਥ ਪੈ ਨੇਰੈ
ਸਹਜੇ ਹੋਇ ਸੁ ਹੋਈ ॥੪॥੧॥ (ਪੰਨਾ ੬੫੭)

(17)

ਜਉ ਹਮ ਬਾਂਧੇ ਮੋਹ ਫਾਸ
ਹਮ ਪ੍ਰੇਮ ਬਧਨਿ ਤੁਮ ਬਾਧੇ ॥
ਅਪਨੇ ਛੂਟਨ ਕੋ ਜਤਨੁ ਕਰਹੁ
ਹਮ ਛੂਟੇ ਤੁਮ ਆਰਾਧੇ ॥੧॥
ਮਾਧਵੇ ਜਾਨਤ ਹਹੁ ਜੈਸੀ ਤੈਸੀ ॥
ਅਬ ਕਹਾ ਕਰਹੁਗੇ ਐਸੀ ॥੧॥ ਰਹਾਉ ॥
ਮੀਨੁ ਪਕਰਿ ਫਾਂਕਿਓ ਅਰੁ ਕਾਟਿਓ
ਰਾਂਧਿ ਕੀਓ ਬਹੁ ਬਾਨੀ ॥
ਖੰਡ ਖੰਡ ਕਰਿ ਭੋਜਨੁ ਕੀਨੋ
ਤਊ ਨ ਬਿਸਰਿਓ ਪਾਨੀ ॥੨॥
ਆਪਨ ਬਾਪੈ ਨਾਹੀ ਕਿਸੀ ਕੋ
ਭਾਵਨ ਕੋ ਹਰਿ ਰਾਜਾ ॥
ਮੋਹ ਪਟਲ ਸਭੁ ਜਗਤੁ ਬਿਆਪਿਓ
ਭਗਤ ਨਹੀ ਸੰਤਾਪਾ ॥੩॥
ਕਹਿ ਰਵਿਦਾਸ ਭਗਤਿ ਇਕ ਬਾਢੀ
ਅਬ ਇਹ ਕਾ ਸਿਉ ਕਹੀਐ ॥

(18)

ਜਾ ਕਾਰਨਿ ਹਮ ਤੁਮ ਆਰਾਧੇ
ਸੋ ਦੁਖੁ ਅਜਹੂ ਸਹੀਐ ॥੪॥੨॥
(ਪੰਨਾ ੬੫੮)

ਦੂਲਭ ਜਨਮੁ ਪੁੰਨ ਫਲ ਪਾਇਓ
ਬਿਰਥਾ ਜਾਤ ਅਬਿਬੇਕੈ ॥
ਰਾਜੇ ਇੰਦ੍ਰ ਸਮਸਰਿ ਗ੍ਰਿਹ ਆਸਨ
ਬਿਨੁ ਹਰਿ ਭਗਤਿ ਕਹਹੁ ਕਿਹ ਲੇਖੈ ॥੧॥
ਨ ਬੀਚਾਰਿਓ ਰਾਜਾ ਰਾਮ ਕੋ ਰਸੁ ॥
ਜਿਹ ਰਸ ਅਨਰਸ ਬੀਸਰਿ ਜਾਹੀ ॥੧॥
ਰਹਾਉ ॥
ਜਾਨਿ ਅਜਾਨ ਭਏ ਹਮ ਬਾਵਰ
ਸੋਚ ਅਸੋਚ ਦਿਵਸ ਜਾਹੀ ॥
ਇੰਦ੍ਰੀ ਸਬਲ ਨਿਬਲ ਬਿਬੇਕ ਬੁਧਿ ਪਰਮਾਰਥ
ਪਰਵੇਸ ਨਹੀ ॥੨॥

(19)

ਕਹੀਅਤ ਆਨ ਅਚਰੀਅਤ ਅਨ ਕਛੁ
ਸਮਝ ਨ ਪਰੈ ਅਪਰ ਮਾਇਆ ॥
ਕਹਿ ਰਵਿਦਾਸ ਉਦਾਸ ਦਾਸ ਮਤਿ
ਪਰਹਰਿ ਕੋਪੁ ਕਰਹੁ ਜੀਅ ਦਇਆ ॥੩॥੩॥
(ਪੰਨਾ ੬੫੮)

ਸੁਖ ਸਾਗਰੁ ਸੁਰਤਰ ਚਿੰਤਾਮਨਿ
ਕਾਮਧੇਨੁ ਬਸਿ ਜਾ ਕੇ ॥
ਚਾਰਿ ਪਦਾਰਥ ਅਸਟ ਦਸਾ ਸਿਧਿ
ਨਵ ਨਿਧਿ ਕਰ ਤਲ ਤਾ ਕੇ ॥੧॥
ਹਰਿ ਹਰਿ ਹਰਿ ਨ ਜਪਹਿ ਰਸਨਾ ॥
ਅਵਰ ਸਭ ਤਿਆਗਿ ਬਚਨ ਰਚਨਾ ॥੧॥
ਰਹਾਉ ॥
ਨਾਨਾ ਖਿਆਨ ਪੁਰਾਨ ਬੇਦ ਬਿਧਿ ਚਉਤੀਸ
ਅਖਰ ਮਾਂਹੀ ॥

(20)

ਬਿਆਸ ਬਿਚਾਰਿ ਕਹਿਓ ਪਰਮਾਰਥੁ
ਰਾਮ ਨਾਮ ਸਰਿ ਨਾਹੀ ॥੨॥
ਸਹਜ ਸਮਾਧਿ ਉਪਾਧਿ ਰਹਤ ਫੁਨਿ
ਬਡੈ ਭਾਗਿ ਲਿਵ ਲਾਗੀ ॥
ਕਹਿ ਰਵਿਦਾਸ ਪ੍ਰਗਾਸੁ ਰਿਦੈ ਧਰਿ
ਜਨਮ ਮਰਨ ਭੈ ਭਾਗੀ ॥੩॥੪॥
(ਪੰਨਾ ੬੫੮)

ਜਉ ਤੁਮ ਗਿਰਿਵਰ ਤਉ ਹਮ ਮੋਰਾ ॥
ਜਉ ਤੁਮ ਚੰਦ ਤਉ ਹਮ ਭਏ ਹੈ ਚਕੋਰਾ ॥੧॥
ਮਾਧਵੇ ਤੁਮ ਨ ਤੋਰਹੁ ਤਉ ਹਮ ਨਹੀ ਤੋਰਹਿ ॥
ਤੁਮ ਸਿਉ ਤੋਰਿ ਕਵਨ ਸਿਉ ਜੋਰਹਿ ॥੧॥
ਰਹਾਉ ॥
ਜਉ ਤੁਮ ਦੀਵਰਾ ਤਉ ਹਮ ਬਾਤੀ ॥
ਜਉ ਤੁਮ ਤੀਰਥ ਤਉ ਹਮ ਜਾਤੀ ॥੨॥

(21)

ਸਾਚੀ ਪ੍ਰੀਤਿ ਹਮ ਤੁਮ ਸਿਉ ਜੋਰੀ॥
ਤੁਮ ਸਿਉ ਜੋਰਿ ਅਵਰ ਸੰਗਿ ਤੋਰੀ॥੩॥
ਜਹ ਜਹ ਜਾਉ ਤਹਾ ਤੇਰੀ ਸੇਵਾ॥
ਤੁਮ ਸੋ ਠਾਕੁਰੁ ਅਉਰੁ ਨ ਦੇਵਾ॥੪॥
ਤੁਮਰੇ ਭਜਨ ਕਟਹਿ ਜਮ ਫਾਂਸਾ॥
ਭਗਤਿ ਹੇਤ ਗਾਵੈ ਰਵਿਦਾਸਾ॥੫॥
(ਪੰਨਾ ੬੫੮)

ਜਲ ਕੀ ਭੀਤਿ ਪਵਨ ਕਾ ਥੰਭਾ
ਰਕਤ ਬੁੰਦ ਕਾ ਗਾਰਾ॥
ਹਾਡ ਮਾਸ ਨਾੜੀ ਕੋ ਪਿੰਜਰੁ
ਪੰਖੀ ਬਸੈ ਬਿਚਾਰਾ॥੧॥
ਪ੍ਰਾਨੀ ਕਿਆ ਮੇਰਾ ਕਿਆ ਤੇਰਾ॥
ਜੈਸੇ ਤਰਵਰ ਪੰਖਿ ਬਸੇਰਾ॥੧॥ ਰਹਾਉ॥
ਰਾਖਹੁ ਕੰਧ ਉਸਾਰਹੁ ਨੀਵਾਂ॥
ਸਾਢੇ ਤੀਨਿ ਹਾਥ ਤੇਰੀ ਸੀਵਾਂ॥੨॥

(22)

ਬੰਕੇ ਬਾਲ ਪਾਗ ਸਿਰਿ ਡੇਰੀ॥
ਇਹੁ ਤਨੁ ਹੋਇਗੋ ਭਸਮ ਕੀ ਢੇਰੀ॥੩॥
ਊਚੇ ਮੰਦਰ ਸੁੰਦਰ ਨਾਰੀ॥
ਰਾਮ ਨਾਮ ਬਿਨੁ ਬਾਜੀ ਹਾਰੀ॥੪॥
ਮੇਰੀ ਜਾਤਿ ਕਮੀਨੀ ਪਾਂਤਿ ਕਮੀਨੀ
ਓਛਾ ਜਨਮੁ ਹਮਾਰਾ॥
ਤੁਮ ਸਰਨਾਗਤਿ ਰਾਜਾ ਰਾਮ ਚੰਦ
ਕਹਿ ਰਵਿਦਾਸ ਚਮਾਰਾ॥੫॥੬॥
(ਪੰਨਾ ੬੫੯)

ਚਮਰਟਾ ਗਾਂਠਿ ਨ ਜਨਈ॥
ਲੋਗੁ ਗਠਾਵੈ ਪਨਹੀ॥੧॥ ਰਹਾਉ॥
ਆਰ ਨਹੀ ਜਿਹ ਤੋਪਉ॥
ਨਹੀ ਰਾਂਬੀ ਠਾਉ ਰੋਪਉ॥੧॥
ਲੋਗੁ ਗੰਠਿ ਗੰਠਿ ਖਰਾ ਬਿਗੂਚਾ॥
ਹਉ ਬਿਨੁ ਗਾਂਠੇ ਜਾਇ ਪਹੂਚਾ॥੨॥

(23)

ਰਵਿਦਾਸੁ ਜਪੈ ਰਾਮ ਨਾਮਾ॥
ਮੋਹਿ ਜਮ ਸਿਉ ਨਾਹੀ ਕਾਮਾ॥੩॥੭॥
(ਪੰਨਾ ੬੫੯)

ਧਨਾਸਰੀ ਭਗਤ ਰਵਿਦਾਸ ਜੀ ਕੀ
ੴ ਸਤਿਗੁਰ ਪ੍ਰਸਾਦਿ॥

ਹਮ ਸਰਿ ਦੀਨੁ ਦਇਆਲੁ ਨ ਤੁਮ ਸਰਿ
ਅਬ ਪਤੀਆਰੁ ਕਿਆ ਕੀਜੈ॥
ਬਚਨੀ ਤੋਰ ਮੋਰ ਮਨੁ ਮਾਨੈ
ਜਨ ਕਉ ਪੂਰਨੁ ਦੀਜੈ॥੧॥
ਹਉ ਬਲਿ ਬਲਿ ਜਾਉ ਰਮਈਆ ਕਾਰਨੇ॥
ਕਾਰਨ ਕਵਨ ਅਬੋਲ॥ ਰਹਾਉ॥
ਬਹੁਤ ਜਨਮ ਬਿਛੁਰੇ ਥੇ ਮਾਧਉ
ਇਹੁ ਜਨਮੁ ਤੁਮ੍ਹਾਰੇ ਲੇਖੇ॥

(24)

ਕਹਿ ਰਵਿਦਾਸ ਆਸ ਲਗਿ ਜੀਵਉ
ਚਿਰ ਭਇਓ ਦਰਸਨੁ ਦੇਖੇ॥੨॥੧॥
(ਪੰਨਾ ੬੯੪)

ਚਿਤ ਸਿਮਰਨੁ ਕਰਉ ਨੈਨ ਅਵਿਲੋਕਨੋ
ਸ੍ਰਵਨ ਬਾਨੀ ਸੁਜਸੁ ਪੂਰਿ ਰਾਖਉ॥
ਮਨੁ ਸੁ ਮਧੁਕਰੁ ਕਰਉ ਚਰਨ ਹਿਰਦੇ ਧਰਉ
ਰਸਨ ਅੰਮ੍ਰਿਤ ਰਾਮ ਨਾਮ ਭਾਖਉ॥੧॥
ਮੇਰੀ ਪ੍ਰੀਤਿ ਗੋਬਿੰਦ ਸਿਉ ਜਿਨਿ ਘਟੈ॥
ਮੈ ਤਉ ਮੋਲਿ ਮਹਗੀ ਲਈ ਜੀਅ ਸਟੈ॥੧॥
ਰਹਾਉ॥
ਸਾਧਸੰਗਤਿ ਬਿਨਾ ਭਾਉ ਨਹੀ ਊਪਜੈ
ਭਾਵ ਬਿਨੁ ਭਗਤਿ ਨਹੀ ਹੋਇ ਤੇਰੀ॥
ਕਹੈ ਰਵਿਦਾਸੁ ਇਕ ਬੇਨਤੀ ਹਰਿ ਸਿਉ
ਪੈਜ ਰਾਖਹੁ ਰਾਜਾ ਰਾਮ ਮੇਰੀ॥੨॥੨॥
(ਪੰਨਾ ੬੯੪)

(25)

ਨਾਮੁ ਤੇਰੋ ਆਰਤੀ ਮਜਨੁ ਮੁਰਾਰੇ ॥
ਹਰਿ ਕੇ ਨਾਮ ਬਿਨੁ ਝੂਠੇ ਸਗਲ ਪਾਸਾਰੇ ॥੧॥
ਰਹਾਉ ॥
ਨਾਮੁ ਤੇਰੋ ਆਸਨੋ ਨਾਮੁ ਤੇਰੋ ਉਰਸਾ
ਨਾਮੁ ਤੇਰਾ ਕੇਸਰੋ ਲੇ ਛਿਟਕਾਰੇ ॥
ਨਾਮੁ ਤੇਰਾ ਅੰਭੁਲਾ ਨਾਮੁ ਤੇਰੋ ਚੰਦਨੋ
ਘਸਿ ਜਪੇ ਨਾਮੁ ਲੇ ਤੁਝਹਿ ਕਉ ਚਾਰੇ ॥੧॥
ਨਾਮੁ ਤੇਰਾ ਦੀਵਾ ਨਾਮੁ ਤੇਰੋ ਬਾਤੀ
ਨਾਮੁ ਤੇਰੋ ਤੇਲੁ ਲੇ ਮਾਹਿ ਪਸਾਰੇ ॥
ਨਾਮ ਤੇਰੇ ਕੀ ਜੋਤਿ ਲਗਾਈ
ਭਇਓ ਉਜਿਆਰੋ ਭਵਨ ਸਗਲਾਰੇ ॥੨॥
ਨਾਮੁ ਤੇਰੋ ਤਾਗਾ ਨਾਮੁ ਫੂਲ ਮਾਲਾ
ਭਾਰ ਅਠਾਰਹ ਸਗਲ ਜੂਠਾਰੇ ॥
ਤੇਰੋ ਕੀਆ ਤੁਝਹਿ ਕਿਆ ਅਰਪਉ
ਨਾਮੁ ਤੇਰਾ ਤੁਹੀ ਚਵਰ ਢੋਲਾਰੇ ॥੩॥
ਦਸ ਅਠਾ ਅਠਸਠੇ ਚਾਰੇ ਖਾਣੀ
ਇਹੈ ਵਰਤਣਿ ਹੈ ਸਗਲ ਸੰਸਾਰੇ ॥

(26)

ਕਹੈ ਰਵਿਦਾਸੁ ਨਾਮੁ ਤੇਰੋ ਆਰਤੀ
ਸਤਿਨਾਮੁ ਹੈ ਹਰਿ ਭੋਗ ਤੁਹਾਰੇ ॥੪॥੩॥
(ਪੰਨਾ ੬੯੪)

ਜੈਤਸਰੀ ਬਾਣੀ ਭਗਤਾ ਕੀ
ੴ ਸਤਿਗੁਰ ਪ੍ਰਸਾਦਿ ॥

ਨਾਥ ਕਛੂਅ ਨ ਜਾਨਉ ॥
ਮਨੁ ਮਾਇਆ ਕੈ ਹਾਥਿ ਬਿਕਾਨਉ ॥੧॥
ਰਹਾਉ ॥
ਤੁਮ ਕਹੀਅਤ ਹੌ ਜਗਤ ਗੁਰ ਸੁਆਮੀ ॥
ਹਮ ਕਹੀਅਤ ਕਲਿਜੁਗ ਕੇ ਕਾਮੀ ॥੧॥
ਇਨ ਪੰਚਨ ਮੇਰੋ ਮਨੁ ਜੁ ਬਿਗਾਰਿਓ ॥
ਪਲੁ ਪਲੁ ਹਰਿ ਜੀ ਤੇ ਅੰਤਰੁ ਪਾਰਿਓ ॥੨॥
ਜਤ ਦੇਖਉ ਤਤ ਦੁਖ ਕੀ ਰਾਸੀ ॥
ਅਜੌਂ ਨ ਪਤ੍ਹਾਇ ਨਿਗਮ ਭਏ ਸਾਖੀ ॥੩॥

(27)

ਗੋਤਮ ਨਾਰਿ ਉਮਾਪਤਿ ਸ੍ਵਾਮੀ ॥
ਸੀਸੁ ਧਰਨਿ ਸਹਸ ਭਗ ਗਾਂਮੀ ॥੪॥
ਇਨ ਦੂਤਨ ਖਲੁ ਬਧੁ ਕਰਿ ਮਾਰਿਓ ॥
ਬਡੋ ਨਿਲਾਜੁ ਅਜਹੂ ਨਹੀ ਹਾਰਿਓ ॥੫॥
ਕਹਿ ਰਵਿਦਾਸ ਕਹਾ ਕੈਸੇ ਕੀਜੈ ॥
ਬਿਨੁ ਰਘੁਨਾਥ ਸਰਨਿ ਕਾ ਕੀ ਲੀਜੈ ॥੬॥੧॥
(ਪੰਨਾ ੭੧੦)

ਰਾਗੁ ਸੂਹੀ ਬਾਣੀ ਸ੍ਰੀ ਰਵਿਦਾਸ ਜੀਉ ਕੀ
ੴ ਸਤਿਗੁਰ ਪ੍ਰਸਾਦਿ ॥

ਸਹ ਕੀ ਸਾਰ ਸੁਹਾਗਨਿ ਜਾਨੈ ॥
ਤਜਿ ਅਭਿਮਾਨੁ ਸੁਖ ਰਲੀਆ ਮਾਨੈ ॥
ਤਨੁ ਮਨੁ ਦੇਇ ਨ ਅੰਤਰੁ ਰਾਖੈ ॥
ਅਵਰਾ ਦੇਖਿ ਨ ਸੁਨੈ ਅਭਾਖੈ ॥੧॥
ਸੋ ਕਤ ਜਾਨੈ ਪੀਰ ਪਰਾਈ ॥
ਜਾ ਕੈ ਅੰਤਰਿ ਦਰਦੁ ਨ ਪਾਈ ॥੧॥ ਰਹਾਉ ॥

(28)

ਦੁਖੀ ਦੁਹਾਗਨਿ ਦੁਇ ਪਖ ਹੀਨੀ ॥
ਜਿਨਿ ਨਾਹ ਨਿਰੰਤਰਿ ਭਗਤਿ ਨ ਕੀਨੀ ॥
ਪੁਰ ਸਲਾਤ ਕਾ ਪੰਥੁ ਦੁਹੇਲਾ ॥
ਸੰਗਿ ਨ ਸਾਥੀ ਗਵਨੁ ਇਕੇਲਾ ॥੨॥
ਦੁਖੀਆ ਦਰਦਵੰਦੁ ਦਰਿ ਆਇਆ ॥
ਬਹੁਤੁ ਪਿਆਸ ਜਬਾਬੁ ਨ ਪਾਇਆ ॥
ਕਹਿ ਰਵਿਦਾਸ ਸਰਨਿ ਪ੍ਰਭ ਤੇਰੀ ॥
ਜਿਉ ਜਾਨਹੁ ਤਿਉ ਕਰੁ ਗਤਿ ਮੇਰੀ ॥੩॥੧॥
(ਪੰਨਾ ੭੯੩)

ਜੋ ਦਿਨ ਆਵਹਿ ਸੋ ਦਿਨ ਜਾਹੀ ॥
ਕਰਨਾ ਕੂਚੁ ਰਹਨੁ ਥਿਰੁ ਨਾਹੀ ॥
ਸੰਗੁ ਚਲਤ ਹੈ ਹਮ ਭੀ ਚਲਨਾ ॥
ਦੂਰਿ ਗਵਨੁ ਸਿਰ ਊਪਰਿ ਮਰਨਾ ॥੧॥
ਕਿਆ ਤੂ ਸੋਇਆ ਜਾਗੁ ਇਆਨਾ ॥

ਤੈ ਜੀਵਨੁ ਜਗਿ ਸਚੁ ਕਰਿ ਜਾਨਾ ॥੧॥
ਰਹਾਉ ॥
ਜਿਨਿ ਜੀਉ ਦੀਆ ਸੁ ਰਿਜਕੁ ਅੰਬਰਾਵੈ ॥
ਸਭ ਘਟ ਭੀਤਰਿ ਹਾਟੁ ਚਲਾਵੈ ॥
ਕਰਿ ਬੰਦਿਗੀ ਛਾਡਿ ਮੈ ਮੇਰਾ ॥
ਹਿਰਦੈ ਨਾਮੁ ਸਮ੍ਹਾਰਿ ਸਵੇਰਾ ॥੨॥
ਜਨਮੁ ਸਿਰਾਨੋ ਪੰਥੁ ਨ ਸਵਾਰਾ ॥
ਸਾਂਝ ਪਰੀ ਦਹ ਦਿਸ ਅੰਧਿਆਰਾ ॥
ਕਹਿ ਰਵਿਦਾਸ ਨਿਦਾਨਿ ਦਿਵਾਨੇ ॥
ਚੇਤਸਿ ਨਾਹੀ ਦੁਨੀਆ ਫਨ ਖਾਨੇ ॥੩॥੨॥
(ਪੰਨਾ ੭੯੩)

ਊਚੇ ਮੰਦਰ ਸਾਲ ਰਸੋਈ ॥
ਏਕ ਘਰੀ ਫੁਨਿ ਰਹਨੁ ਨ ਹੋਈ ॥੧॥
ਇਹੁ ਤਨੁ ਐਸਾ ਜੈਸੇ ਘਾਸ ਕੀ ਟਾਟੀ ॥



ਜਲਿ ਗਇਓ ਘਾਸੁ ਰਲਿ ਗਇਓ ਮਾਟੀ ॥੧॥
ਰਹਾਉ ॥
ਭਾਈ ਬੰਧ ਕੁਟੰਬ ਸਹੇਰਾ ॥
ਓਇ ਭੀ ਲਾਗੇ ਕਾਢੁ ਸਵੇਰਾ ॥੨॥
ਘਰ ਕੀ ਨਾਰਿ ਉਰਹਿ ਤਨ ਲਾਗੀ ।
ਉਹ ਤਉ ਭੂਤੁ ਭੂਤੁ ਕਰਿ ਭਾਗੀ ॥੩॥
ਕਹਿ ਰਵਿਦਾਸ ਸਭੈ ਜਗੁ ਲੂਟਿਆ ॥
ਹਮ ਤਉ ਏਕ ਰਾਮੁ ਕਹਿ ਛੂਟਿਆ ॥੪॥੩॥
(ਪੰਨਾ ੭੯੪)

ਬਿਲਾਵਲੁ ਬਾਣੀ ਰਵਿਦਾਸ ਭਗਤ ਕੀ
ੴ ਸਤਿਗੁਰ ਪ੍ਰਸਾਦਿ ॥

ਦਾਰਿਦੁ ਦੇਖਿ ਸਭ ਕੋ ਹਸੈ
ਐਸੀ ਦਸਾ ਹਮਾਰੀ ॥
ਅਸਟ ਦਸਾ ਸਿਧਿ ਕਰ ਤਲੈ
ਸਭ ਕ੍ਰਿਪਾ ਤੁਮਾਰੀ ॥੧॥



ਤੂ ਜਾਨਤ ਮੈ ਕਿਛੁ ਨਹੀ ਭਵ ਖੰਡਨ ਰਾਮ ॥
ਸਗਲ ਜੀਅ ਸਰਨਾਗਤੀ
ਪ੍ਰਭ ਪੂਰਨ ਕਾਮ ॥੧॥ ਰਹਾਉ ॥
ਜੋ ਤੇਰੀ ਸਰਨਾਗਤਾ ਤਿਨ ਨਾਹੀ ਭਾਰੁ ॥
ਊਚ ਨੀਚ ਤੁਮ ਤੇ ਤਰੇ ਆਲਜੁ ਸੰਸਾਰੁ ॥੨॥
ਕਹਿ ਰਵਿਦਾਸ ਅਕਥ ਕਥਾ
ਬਹੁ ਕਾਇ ਕਰੀਜੈ ॥
ਜੈਸਾ ਤੂ ਤੈਸਾ ਤੁਹੀ
ਕਿਆ ਉਪਮਾ ਦੀਜੈ ॥੩॥੧॥
(ਪੰਨਾ ੮੫੮)

ਜਿਹ ਕੁਲ ਸਾਧੁ ਬੈਸਨੌ ਹੋਇ ॥
ਬਰਨ ਅਬਰਨ ਰੰਕੁ ਨਹੀ ਈਸੁਰੁ
ਬਿਮਲ ਬਾਸੁ ਜਾਨੀਐ ਜਗਿ ਸੋਇ ॥੧॥
ਰਹਾਉ ॥
ਬ੍ਰਹਮਨ ਬੈਸ ਸੂਦ ਅਰੁ ਖ੍ਯ੍ਯਤ੍ਰੀ
ਡੋਮ ਚੰਡਾਰ ਮਲੇਛ ਮਨ ਸੋਇ ॥



ਹੋਇ ਪੁਨੀਤ ਭਗਵੰਤ ਭਜਨ ਤੇ
ਆਪੁ ਤਾਰਿ ਤਾਰੇ ਕੁਲ ਦੋਇ ॥੧॥
ਧੰਨਿ ਸੁ ਗਾਉ ਧੰਨਿ ਸੋ ਠਾਉ
ਧੰਨਿ ਪੁਨੀਤ ਕੁਟੰਬ ਸਭ ਲੋਇ ॥
ਜਿਨਿ ਪੀਆ ਸਾਰ ਰਸੁ ਤਜੇ ਆਨ ਰਸ
ਹੋਇ ਰਸ ਮਗਨ ਡਾਰੇ ਬਿਖੁ ਖੋਇ ॥੨॥
ਪੰਡਿਤ ਸੂਰ ਛਤ੍ਰਪਤਿ ਰਾਜਾ
ਭਗਤ ਬਰਾਬਰਿ ਅਉਰੁ ਨ ਕੋਇ ॥
ਜੈਸੇ ਪੁਰੈਨ ਪਾਤ ਰਹੈ ਜਲ ਸਮੀਪ
ਭਨਿ ਰਵਿਦਾਸ ਜਨਮੇ ਜਗਿ ਓਇ ॥੩॥੨॥
(ਪੰਨਾ ੮੫੮)

ਰਾਗੁ ਗੋਂਡ ਬਾਣੀ ਰਵਿਦਾਸ ਜੀਉ ਕੀ ਘਰੁ ੨
ੴ ਸਤਿਗੁਰ ਪ੍ਰਸਾਦਿ ॥

ਮੁਕੰਦ ਮੁਕੰਦ ਜਪਹੁ ਸੰਸਾਰ ॥
ਬਿਨੁ ਮੁਕੰਦ ਤਨੁ ਹੋਇ ਅਉਹਾਰ ॥

(33)

ਸੋਈ ਮੁਕੰਦੁ ਮੁਕਤਿ ਕਾ ਦਾਤਾ॥
ਸੋਈ ਮੁਕੰਦੁ ਹਮਰਾ ਪਿਤ ਮਾਤਾ॥੧॥
ਜੀਵਤ ਮੁਕੰਦੇ ਮਰਤ ਮੁਕੰਦੇ॥
ਤਾ ਕੇ ਸੇਵਕ ਕਉ ਸਦਾ ਅਨੰਦੇ॥੧॥
ਰਹਾਉ॥
ਮੁਕੰਦ ਮੁਕੰਦ ਹਮਾਰੇ ਪ੍ਰਾਨੰ॥
ਜਪਿ ਮੁਕੰਦ ਮਸਤਕਿ ਨੀਸਾਨੰ॥
ਸੇਵ ਮੁਕੰਦ ਕਰੈ ਬੈਰਾਗੀ॥
ਸੋਈ ਮੁਕੰਦੁ ਦੁਰਬਲ ਧਨੁ ਲਾਧੀ॥੨॥
ਏਕ ਮੁਕੰਦੁ ਕਰੈ ਉਪਕਾਰੁ॥
ਹਮਰਾ ਕਹਾ ਕਰੈ ਸੰਸਾਰੁ॥
ਮੇਟੀ ਜਾਤਿ ਹੂਏ ਦਰਬਾਰਿ॥
ਤੁਹੀ ਮੁਕੰਦ ਜੋਗ ਜੁਗ ਤਾਰਿ॥੩॥
ਉਪਜਿਓ ਗਿਆਨੁ ਹੂਆ ਪਰਗਾਸ॥
ਕਰਿ ਕਿਰਪਾ ਲੀਨੇ ਕੀਟ ਦਾਸ॥

(34)

ਕਹੁ ਰਵਿਦਾਸ ਅਬ ਤ੍ਰਿਸਨਾ ਚੂਕੀ॥
ਜਪਿ ਮੁਕੰਦ ਸੇਵਾ ਤਾਹੂ ਕੀ॥੪॥੧॥
(ਪੰਨਾ ੮੭੫)

ਜੇ ਓਹੁ ਅਠਸਠਿ ਤੀਰਥ ਨ੍ਹਾਵੈ॥
ਜੇ ਓਹੁ ਦੁਆਦਸ ਸਿਲਾ ਪੂਜਾਵੈ॥
ਜੇ ਓਹੁ ਕੂਪ ਤਟਾ ਦੇਵਾਵੈ॥
ਕਰੈ ਨਿੰਦ ਸਭ ਬਿਰਥਾ ਜਾਵੈ॥੧॥
ਸਾਧ ਕਾ ਨਿੰਦਕੁ ਕੈਸੇ ਤਰੈ॥
ਸਰਪਰ ਜਾਨਹੁ ਨਰਕ ਹੀ ਪਰੈ॥੧॥
ਰਹਾਉ॥
ਜੇ ਓਹੁ ਗ੍ਰਹਨ ਕਰੈ ਕੁਲਖੇਤਿ॥
ਅਰਪੈ ਨਾਰਿ ਸੀਗਾਰ ਸਮੇਤਿ॥
ਸਗਲੀ ਸਿੰਮ੍ਰਿਤਿ ਸ੍ਰਵਨੀ ਸੁਨੈ॥
ਕਰੈ ਨਿੰਦ ਕਵਨੈ ਨਹੀ ਗੁਨੈ॥੨॥
ਜੇ ਓਹੁ ਅਨਿਕ ਪ੍ਰਸਾਦ ਕਰਾਵੈ॥

(35)

ਭੂਮਿ ਦਾਨ ਸੋਭਾ ਮੰਡਪਿ ਪਾਵੈ॥
ਅਪਨਾ ਬਿਗਾਰਿ ਬਿਰਾਂਨਾ ਸਾਂਢੈ॥
ਕਰੈ ਨਿੰਦ ਬਹੁ ਜੋਨੀ ਹਾਂਢੈ॥੩॥
ਨਿੰਦਾ ਕਹਾ ਕਰਹੁ ਸੰਸਾਰਾ॥
ਨਿੰਦਕ ਕਾ ਪਰਗਟਿ ਪਾਹਾਰਾ॥
ਨਿੰਦਕੁ ਸੋਧਿ ਸਾਧਿ ਬੀਚਾਰਿਆ॥
ਕਹੁ ਰਵਿਦਾਸ ਪਾਪੀ ਨਰਕਿ ਸਿਧਾਰਿਆ॥
੪॥੨॥ (ਪੰਨਾ ੮੭੫)

ਰਾਮਕਲੀ ਬਾਣੀ ਰਵਿਦਾਸ ਜੀ ਕੀ
ੴ ਸਤਿਗੁਰ ਪ੍ਰਸਾਦਿ॥

ਪੜੀਐ ਗੁਨੀਐ ਨਾਮੁ ਸਭੁ ਸੁਨੀਐ
ਅਨਭਉ ਭਾਉ ਨ ਦਰਸੈ॥
ਲੋਹਾ ਕੰਚਨੁ ਹਿਰਨ ਹੋਇ ਕੈਸੇ
ਜਉ ਪਾਰਸਹਿ ਨ ਪਰਸੈ॥੧॥

(36)

ਦੇਵ ਸੰਸੈ ਗਾਂਠਿ ਨ ਛੂਟੈ॥
ਕਾਮ ਕ੍ਰੋਧ ਮਾਇਆ ਮਦ ਮਤਸਰ
ਇਨ ਪੰਚਹੁ ਮਿਲਿ ਲੂਟੇ॥੧॥ ਰਹਾਉ॥
ਹਮ ਬਡ ਕਬਿ ਕੁਲੀਨ ਹਮ ਪੰਡਿਤ
ਹਮ ਜੋਗੀ ਸੰਨਿਆਸੀ॥
ਗਿਆਨੀ ਗੁਨੀ ਸੂਰ ਹਮ ਦਾਤੇ
ਇਹ ਬੁਧਿ ਕਬਹਿ ਨ ਨਾਸੀ॥੨॥
ਕਹੁ ਰਵਿਦਾਸ ਸਭੈ ਨਹੀ ਸਮਝਸਿ
ਭੂਲਿ ਪਰੇ ਜੈਸੇ ਬਉਰੇ॥
ਮੋਹਿ ਅਧਾਰੁ ਨਾਮੁ ਨਾਰਾਇਨ
ਜੀਵਨ ਪ੍ਰਾਨ ਧਨ ਮੋਰੇ॥੩॥੧॥
(ਪੰਨਾ ੯੭੩)

(37)

ਰਾਗੁ ਮਾਰੂ ਬਾਣੀ ਰਵਿਦਾਸ ਜੀਉ ਕੀ
ੴ ਸਤਿਗੁਰ ਪ੍ਰਸਾਦਿ॥

ਐਸੀ ਲਾਲ ਤੁਝ ਬਿਨੁ ਕਉਨੁ ਕਰੈ॥
ਗਰੀਬ ਨਿਵਾਜੁ ਗੁਸਈਆ ਮੇਰਾ
ਮਾਥੈ ਛਤ੍ਰੁ ਧਰੈ॥੧॥ ਰਹਾਉ॥
ਜਾ ਕੀ ਛੋਤਿ ਜਗਤ ਕਉ ਲਾਗੈ
ਤਾ ਪਰ ਤੁੰਹੀ ਢਰੈ॥
ਨੀਚਹ ਊਚ ਕਰੈ ਮੇਰਾ ਗੋਬਿੰਦੁ
ਕਾਹੂ ਤੇ ਨ ਡਰੈ॥੧॥
ਨਾਮਦੇਵ ਕਬੀਰੁ ਤਿਲੋਚਨੁ
ਸਧਨਾ ਸੈਨੁ ਤਰੈ॥
ਕਹਿ ਰਵਿਦਾਸੁ ਸੁਨਹੁ ਰੇ ਸੰਤਹੁ
ਹਰਿ ਜੀਉ ਤੇ ਸਭੈ ਸਰੈ॥੨॥੧॥
(ਪੰਨਾ ੧੧੦੬)

(38)

ਸੁਖ ਸਾਗਰ ਸੁਰਿਤਰੁ ਚਿੰਤਾਮਨਿ
ਕਾਮਧੇਨ ਬਸਿ ਜਾ ਕੇ ਰੇ॥
ਚਾਰਿ ਪਦਾਰਥ ਅਸਟ ਮਹਾ ਸਿਧਿ
ਨਵ ਨਿਧਿ ਕਰ ਤਲ ਤਾ ਕੈ॥੧॥
ਹਰਿ ਹਰਿ ਹਰਿ ਨ ਜਪਸਿ ਰਸਨਾ॥
ਅਵਰ ਸਭ ਛਾਡਿ ਬਚਨ ਰਚਨਾ॥੧॥
ਰਹਾਉ॥
ਨਾਨਾ ਖਿਆਨ ਪੁਰਾਨ ਬੇਦ ਬਿਧਿ ਚਉਤੀਸ
ਅਛਰ ਮਾਹੀ॥
ਬਿਆਸ ਬੀਚਾਰਿ ਕਹਿਓ ਪਰਮਾਰਥੁ ਰਾਮ
ਨਾਮ ਸਰਿ ਨਾਹੀ॥੨॥
ਸਹਜ ਸਮਾਧਿ ਉਪਾਧਿ ਰਹਤ ਹੋਇ
ਬਡੇ ਭਾਗਿ ਲਿਵ ਲਾਗੀ॥
ਕਹਿ ਰਵਿਦਾਸ ਉਦਾਸ ਦਾਸ ਮਤਿ
ਜਨਮ ਮਰਨ ਭੈ ਭਾਗੀ॥੩॥੨॥
(ਪੰਨਾ ੧੧੦੬)

(39)

ਰਾਗੁ ਕੇਦਾਰਾ ਬਾਣੀ ਰਵਿਦਾਸ ਜੀਉ ਕੀ
ੴ ਸਤਿਗੁਰ ਪ੍ਰਸਾਦਿ॥

ਖਟੁ ਕਰਮ ਕੁਲ ਸੰਜੁਗਤੁ ਹੈ
ਹਰਿ ਭਗਤਿ ਹਿਰਦੈ ਨਾਹਿ॥
ਚਰਨਾਰਬਿੰਦ ਨ ਕਥਾ ਭਾਵੈ
ਸੁਪਚ ਤੁਲਿ ਸਮਾਨਿ॥੧॥
ਰੇ ਚਿਤ ਚੇਤਿ ਚੇਤ ਅਚੇਤ॥
ਕਾਹੇ ਨ ਬਾਲਮੀਕਹਿ ਦੇਖ॥
ਕਿਸੁ ਜਾਤਿ ਤੇ ਕਿਹ ਪਦਹਿ ਅਮਰਿਓ
ਰਾਮ ਭਗਤਿ ਬਿਸੇਖ॥੧॥ ਰਹਾਉ॥
ਸੁਆਨ ਸਤ੍ਰੁ ਅਜਾਤੁ ਸਭ ਤੇ
ਕ੍ਰਿਸ੍ਨ ਲਾਵੈ ਹੇਤੁ॥
ਲੋਗੁ ਬਪੁਰਾ ਕਿਆ ਸਰਾਹੈ
ਤੀਨਿ ਲੋਕ ਪ੍ਰਵੇਸ॥੨॥

(40)

ਅਜਾਮਲੁ ਪਿੰਗੁਲਾ ਲੁਭਤੁ ਕੁੰਚਰੁ
ਗਏ ਹਰਿ ਕੈ ਪਾਸ॥
ਐਸੇ ਦੁਰਮਤਿ ਨਿਸਤਰੇ
ਤੂ ਕਿਉ ਨ ਤਰਹਿ ਰਵਿਦਾਸ॥੩॥੧॥
(ਪੰਨਾ ੧੧੨੪)

ਭੈਰਉ ਬਾਣੀ ਰਵਿਦਾਸ ਜੀਉ ਕੀ ਘਰ ੨
ੴ ਸਤਿਗੁਰ ਪ੍ਰਸਾਦਿ॥

ਬਿਨੁ ਦੇਖੇ ਉਪਜੈ ਨਹੀ ਆਸਾ॥
ਜੋ ਦੀਸੈ ਸੋ ਹੋਇ ਬਿਨਾਸਾ॥
ਬਰਨ ਸਹਿਤ ਜੋ ਜਾਪੈ ਨਾਮੁ॥
ਸੋ ਜੋਗੀ ਕੇਵਲ ਨਿਹਕਾਮੁ॥੧॥
ਪਰਚੈ ਰਾਮੁ ਰਵੈ ਜਉ ਕੋਈ॥
ਪਾਰਸੁ ਪਰਸੈ ਦੁਬਿਧਾ ਨ ਹੋਈ॥੧॥ ਰਹਾਉ॥
ਸੋ ਮੁਨਿ ਮਨ ਕੀ ਦੁਬਿਧਾ ਖਾਇ॥
ਬਿਨੁ ਦੁਆਰੇ ਤ੍ਰੈ ਲੋਕ ਸਮਾਇ॥

(41)

ਮਨ ਕਾ ਸੁਭਾਉ ਸਭੁ ਕੋਈ ਕਰੈ ॥
ਕਰਤਾ ਹੋਇ ਸੁ ਅਨਭੈ ਰਹੈ ॥੨॥
ਫਲ ਕਾਰਨ ਫੂਲੀ ਬਨਰਾਇ ॥
ਫਲੁ ਲਾਗਾ ਤਬ ਫੂਲੁ ਬਿਲਾਇ ॥
ਗਿਆਨੈ ਕਾਰਨ ਕਰਮ ਅਭਿਆਸੁ ॥
ਗਿਆਨੁ ਭਇਆ ਤਹ ਕਰਮਹ ਨਾਸੁ ॥੩॥
ਘ੍ਰਿਤ ਕਾਰਨ ਦਧਿ ਮਥੈ ਸਇਆਨ ॥
ਜੀਵਤ ਮੁਕਤ ਸਦਾ ਨਿਰਬਾਨ ॥
ਕਹਿ ਰਵਿਦਾਸ ਪਰਮ ਬੈਰਾਗ ॥
ਰਿਦੈ ਰਾਮੁ ਕੀ ਨ ਜਪਸਿ ਅਭਾਗ ॥੪॥੧॥
(ਪੰਨਾ ੧੧੬੭)

ਬਸੰਤੁ ਬਾਣੀ ਰਵਿਦਾਸ ਜੀ ਕੀ
ੴ ਸਤਿਗੁਰ ਪ੍ਰਸਾਦਿ ॥

ਤੁਝਹਿ ਸੁਝੰਤਾ ਕਛੂ ਨਾਹਿ ॥
ਪਹਿਰਾਵਾ ਦੇਖੇ ਊਭਿ ਜਾਹਿ ॥

(42)

ਗਰਬਵਤੀ ਕਾ ਨਾਹੀ ਠਾਉ ॥
ਤੇਰੀ ਗਰਦਨਿ ਊਪਰਿ ਲਵੈ ਕਾਉ ॥੧॥
ਤੂ ਕਾਂਇ ਗਰਬਹਿ ਬਾਵਲੀ ॥
ਜੈਸੇ ਭਾਦਉ ਖੂੰਬਰਾਜੁ
ਤੂ ਤਿਸ ਤੇ ਖਰੀ ਉਤਾਵਲੀ ॥੧॥
ਰਹਾਉ ॥
ਜੈਸੇ ਕੁਰੰਕ ਨਹੀ ਪਾਇਓ ਭੇਦੁ ॥
ਤਨਿ ਸੁਗੰਧ ਢੂਢੈ ਪ੍ਰਦੇਸੁ ॥
ਅਪ ਤਨ ਕਾ ਜੋ ਕਰੇ ਬੀਚਾਰੁ ॥
ਤਿਸੁ ਨਹੀ ਜਮਕੰਕਰੁ ਕਰੇ ਖੁਆਰੁ ॥੨॥
ਪੁਤ੍ਰ ਕਲਤ੍ਰ ਕਾ ਕਰਹਿ ਅਹੰਕਾਰੁ ॥
ਠਾਕੁਰੁ ਲੇਖਾ ਮਗਨਹਾਰੁ ॥
ਫੇੜੇ ਕਾ ਦੁਖੁ ਸਹੈ ਜੀਉ ॥
ਪਾਛੇ ਕਿਸਹਿ ਪੁਕਾਰਹਿ ਪੀਉ ਪੀਉ ॥੩॥

(43)

ਸਾਧੂ ਕੀ ਜਉ ਲੇਹਿ ਓਟ ॥
ਤੇਰੇ ਮਿਟਹਿ ਪਾਪ ਸਭ ਕੋਟਿ ਕੋਟਿ ॥
ਕਹਿ ਰਵਿਦਾਸ ਜੁੋ ਜਪੈ ਨਾਮੁ ॥
ਤਿਸੁ ਜਾਤਿ ਨ ਜਨਮੁ ਨ ਜੋਨਿ ਕਾਮੁ ॥੪॥੧॥
(ਪੰਨਾ ੧੧੯੬)

ਮਲਾਰ ਬਾਣੀ ਭਗਤ ਰਵਿਦਾਸ ਜੀ ਕੀ
ੴ ਸਤਿਗੁਰ ਪ੍ਰਸਾਦਿ ॥

ਨਾਗਰ ਜਨਾਂ ਮੇਰੀ ਜਾਤਿ ਬਿਖਿਆਤ ਚੰਮਾਰੰ ॥
ਰਿਦੈ ਰਾਮ ਗੋਬਿੰਦ ਗੁਨ
ਸਾਰੰ ॥੧॥ਰਹਾਉ ॥
ਸੁਰਸਰੀ ਸਲਲ ਕ੍ਰਿਤ ਬਾਰੁਨੀ ਰੇ
ਸੰਤ ਜਨ ਕਰਤ ਨਹੀ ਪਾਨੰ ॥
ਸੁਰਾ ਅਪਵਿਤ੍ਰ ਨਤ ਅਵਰ ਜਲ ਰੇ

(44)

ਸੁਰਸਰੀ ਮਿਲਤ ਨਹਿ ਹੋਇ ਆਨੰ ॥੧॥
ਤਰ ਤਾਰਿ ਅਪਵਿਤ੍ਰ ਕਰਿ ਮਾਨੀਐ ਰੇ
ਜੈਸੇ ਕਾਗਰਾ ਕਰਤ ਬੀਚਾਰੰ ॥
ਭਗਤਿ ਭਾਗਉਤੁ ਲਿਖੀਐ ਤਿਹ ਊਪਰੇ
ਪੂਜੀਐ ਕਰਿ ਨਮਸਕਾਰੰ ॥੨॥
ਮੇਰੀ ਜਾਤਿ ਕੁਟ ਬਾਂਢਲਾ ਢੋਰ ਢੋਵੰਤਾ
ਨਿਤਹਿ ਬਾਨਾਰਸੀ ਆਸ ਪਾਸਾ ॥
ਅਬ ਬਿਪ੍ਰ ਪਰਧਾਨ ਤਿਹਿ ਕਰਹਿ ਡੰਡਉਤਿ
ਤੇਰੇ ਨਾਮ ਸਰਣਾਇ ਰਵਿਦਾਸੁ ਦਾਸਾ ॥੩॥੧॥
(ਪੰਨਾ ੧੨੯੩)

ਹਰਿ ਜਪਤ ਤੇਊ ਜਨਾ ਪਦਮ ਕਵਲਾਸਪਤਿ
ਤਾਸ ਸਮ ਤੁਲਿ ਨਹੀ ਆਨ ਕੋਊ ॥
ਏਕ ਹੀ ਏਕ ਅਨੇਕ ਹੋਇ ਬਿਸਥਰਿਓ
ਆਨ ਰੇ ਆਨ ਭਰਪੂਰਿ ਸੋਊ ॥ ਰਹਾਉ ॥

(45)

ਜਾ ਕੈ ਭਾਗਵਤੁ ਲੇਖੀਐ ਅਵਰੁ ਨਹੀ
ਪੇਖੀਐ
ਤਾਸ ਕੀ ਜਾਤਿ ਆਛੋਪ ਛੀਪਾ॥
ਬਿਆਸ ਮਹਿ ਲੇਖੀਐ ਸਨਕ ਮਹਿ ਪੇਖੀਐ
ਨਾਮ ਕੀ ਨਾਮਨਾ ਸਪਤ ਦੀਪਾ॥੧॥
ਜਾ ਕੈ ਈਦਿ ਬਕਰੀਦਿ ਕੁਲ ਗਊ ਰੇ
ਬਧੁ ਕਰਹਿ ਮਾਨੀਅਹਿ ਸੇਖ ਸਹੀਦ ਪੀਰਾ॥
ਜਾ ਕੈ ਬਾਪ ਵੈਸੀ ਕਰੀ ਪੂਤ ਐਸੀ ਸਰੀ
ਤਿਹੂ ਰੇ ਲੋਕ ਪਰਸਿਧ ਕਬੀਰਾ॥੨॥
ਜਾ ਕੇ ਕੁਟੰਬ ਕੇ ਢੇਢ ਸਭ ਢੋਰ ਢੋਵੰਤ ਫਿਰਹਿ
ਅਜਹੁ ਬੰਨਾਰਸੀ ਆਸ ਪਾਸਾ॥
ਆਚਾਰ ਸਹਿਤ ਬਿਪ੍ਰ ਕਰਹਿ ਡੰਡਉਤਿ
ਤਿਨ ਤਨੈ ਰਵਿਦਾਸ ਦਾਸਾਨ ਦਾਸਾ॥੩॥੨॥
(ਪੰਨਾ੧੨੯੩)

(46)

ਮਿਲਤ ਪਿਆਰੋ ਪ੍ਰਾਨ ਨਾਥੁ
ਕਵਨ ਭਗਤਿ ਤੇ॥
ਸਾਧਸੰਗਤਿ ਪਾਈ ਪਰਮ ਗਤੇ॥ ਰਹਾਉ॥
ਮੈਲੇ ਕਪਰੇ ਕਹਾ ਲਉ ਧੋਵਉ॥
ਆਵੈਗੀ ਨੀਦ ਕਹਾ ਲਗੁ ਸੋਵਉ॥੧॥
ਜੋਈ ਜੋਈ ਜੋਰਿਓ ਸੋਈ ਸੋਈ ਫਾਟਿਓ॥
ਝੂਠੇ ਬਨਜਿ ਉਠਿ ਹੀ ਗਈ ਹਾਟਿਓ॥੨॥
ਕਹੁ ਰਵਿਦਾਸ ਭਇਓ ਜਬ ਲੇਖੋ॥
ਜੋਈ ਜੋਈ ਕੀਨੋ ਸੋਈ ਸੋਈ ਦੇਖਿਓ॥
੩॥੧॥੩॥ ਪੰਨਾ (੧੨੯੩)

(47)

## ਸਲੋਕ

ਹਰਿ ਸੋ ਹੀਰਾ ਛਾਡਿ ਕੈ
ਕਰਹਿ ਆਨ ਕੀ ਆਸ॥
ਤੇ ਨਰ ਦੋਜਕ ਜਾਹਿਗੇ
ਸਤਿ ਭਾਖੈ ਰਵਿਦਾਸ॥ ੨੪੨॥
(ਪੰਨਾ ੧੩੭੭)

(48)

# ਸਮਰਪਣ

ਜਗਤ ਗੁਰੂ ਰਵਿਦਾਸ ਮਹਾਰਾਜ ਜੀ ਨੇ ਭੁੱਲੀ ਭਟਕੀ ਮਨੁੱਖਤਾ ਨੂੰ ਸੱਚ ਦਾ ਰਾਹ ਦਿਖਾਇਆ ਅਤੇ ਭਾਈਚਾਰੇ, ਮਾਨਵ-ਪ੍ਰੇਮ ਅਤੇ ਪ੍ਰਭੂ-ਪ੍ਰੇਮ ਦਾ ਪਾਵਨ ਉਪਦੇਸ਼ ਬਖਸ਼ਿਸ਼ ਕੀਤਾ। ਕੁੱਲ ਲੋਕਾਈ ਦੇ ਭਲੇ ਲਈ ਬੇਗਮਪੁਰੇ ਦਾ ਪਾਵਨ ਸੰਕਲਪ ਦਿੱਤਾ। ਗੁਰੂ ਜੀ ਦੀ ਅਧਿਆਤਮਕ ਉੱਚਤਾ ਤੇ ਮਾਨਵ ਕਲਿਆਣ ਦੇ ਪਾਵਨ ਉਪਦੇਸ਼ਾਂ ਸਦਕਾਂ ਸਭ ਵਰਗਾਂ ਦੇ ਲੋਕਾਂ ਨੇ ਉਹਨਾਂ ਦੀ ਸ਼ਰਨ ਵਿਚ ਆ ਕੇ ਆਪਣਾ ਜੀਵਨ ਸਫ਼ਲ ਕੀਤਾ।

ਸ਼੍ਰੀ ਗੁਰੂ ਰਵਿਦਾਸ ਅੰਮ੍ਰਿਤ ਬਾਣੀ ਦੇ ਗੁਟਕੇ ਪਾਵਨ ਦਰਬਾਰ ਡੇਰਾ ਸੱਚਖੰਡ ਬੱਲਾਂ ਦੇ ਦੀਰਘਦਰਸ਼ੀ, ਸਮਦਰਸ਼ੀ, ਤਤਬੇਤਾ, ਪੂਰਨ ਪੁਰਖ, ਬ੍ਰਹਮਗਿਆਨੀ, ਬ੍ਰਹਮਲੀਨ ਸਤਿਗੁਰੂ ਬਾਬਾ ਪਿੱਪਲ ਦਾਸ ਜੀ,
ਬ੍ਰਹਮਲੀਨ ਸਤਿਗੁਰੂ ਸਰਵਣ ਦਾਸ ਜੀ,



ਬ੍ਰਹਮਲੀਨ ਸਤਿਗੁਰੂ ਹਰੀ ਦਾਸ ਜੀ,
ਬ੍ਰਹਮਲੀਨ ਸਤਿਗੁਰੂ ਗਰੀਬ ਦਾਸ ਜੀ,
ਨੂੰ ਸਮਰਪਿਤ ਕਰਕੇ ਬਹੁਤ ਖੁਸ਼ੀ ਹੋ ਰਹੀ ਹੈ। ਉਹਨਾਂ ਦੀ ਮਿਹਰ ਨਾਲ ਇਹ ਕੁਝ ਸੇਵਾ ਨਿਭਾਉਣ ਦਾ ਅਵਸਰ ਮਿਲਿਆ ਹੈ। ਦਾਸ ਨੂੰ ਪੂਰਨ ਆਸ ਹੈ ਕਿ ਗੁਰੂ ਪ੍ਰੇਮੀ ਸੰਗਤਾਂ ਇਸ ਉਪਦੇਸ਼ ਨੂੰ ਜੀਵਨ ਵਿਚ ਧਾਰਣ ਕਰਕੇ ਜੀਵਨ ਸਫ਼ਲ ਬਨਾਉਣਗੀਆਂ।

*—ਸੰਤ ਨਿਰੰਜਣ ਦਾਸ*

*ਚੇਅਰਮੈਨ, ਸ਼੍ਰੀ ਗੁਰੂ ਰਵਿਦਾਸ ਜਨਮ ਸਥਾਨ*
*ਪਬਲਿਕ ਚੈਰੀਟੇਬਲ ਟਰੱਸਟ (ਰਜਿ.) ਵਾਰਾਨਸੀ*
*(ਗੱਦੀ ਨਸ਼ੀਨ)*
ਡੇਰਾ ਸੱਚਖੰਡ ਬੱਲਾਂ (ਜਲੰਧਰ)



# ਮੁੱਖ ਬੰਦ

ਪ੍ਰਮਾਤਮਾ ਇਕ ਹੈ। ਉਸ ਦਾ ਨਾਮ ਸੱਚਾ ਹੈ। ਉਹ ਸਾਰੇ ਸੰਸਾਰ ਦਾ ਕਰਤਾ ਹੈ। ਉਹ ਨਿਰਵੈਰ, ਡਰ ਰਹਿਤ, ਜਨਮ ਮਰਨ ਤੋਂ ਮੁਕਤ ਅਤੇ ਆਪ ਸ੍ਰਿਸ਼ਟੀ ਦੇ ਕਣ-ਕਣ ਵਿਚ ਪ੍ਰਕਾਸ਼ਮਾਨ ਹੈ। ਗੁਰਾਂ ਦੀ ਕ੍ਰਿਪਾ ਨਾਲ ਉਸ ਕੁਲ ਮਾਲਿਕ ਦੀ ਅਨਭੂਤੀ ਹੁੰਦੀ ਹੈ।

ਉਸ ਮਾਲਿਕ ਦੇ ਹੁਕਮ ਅਨੁਸਾਰ ਚੌਹਾਂ ਖਾਣੀਆਂ ਦੇ ਜੀਵ ਜਨਮ ਲੈਂਦੇ ਹਨ। ਸਭਨਾਂ ਦਾ ਪਾਲਣਹਾਰ ਵੀ ਉਹ ਮਾਲਿਕ ਆਪ ਹੀ ਹੈ। ਸਾਰੇ ਜੀਵ ਉਸ ਦੇ ਹੁਕਮ ਨਾਲ ਵਿਚਰਦੇ ਹਨ ਅਤੇ ਹੁਕਮ ਅਨੁਸਾਰ ਹੀ ਜੀਵਨ ਸੰਪੂਰਨ ਕਰਕੇ ਸੰਸਾਰ ਤੋਂ ਚਲੇ ਜਾਂਦੇ ਹਨ। ਅੱਜ ਤੱਕ ਕਿਤਨੇ ਕੁ ਜੀਵ ਜਨਮ ਲੈ ਕੇ ਜੀਵਨ ਭੋਗ ਚੁੱਕੇ ਹਨ, ਇਸ ਦਾ ਹਿਸਾਬ-ਕਿਤਾਬ ਜਾਨਣ ਵਾਲਾ ਕੋਈ ਨਹੀਂ। ਇਸ ਸੰਸਾਰ ਵਿਚ ਬਹੁਤੇ ਜੀਵ ਆਉਂਦੇ ਹਨ, ਦੁਨੀਆਂ ਵਿਚ ਆ ਕੇ ਦੁਨਿਆਵੀ ਦੁੱਖ ਸੁੱਖ ਭੋਗਦੇ ਹੋਏ ਅਨਮੋਲ ਜੀਵਨ ਗੁਆ ਕੇ ਚਲੇ ਜਾਂਦੇ ਹਨ।

ਕੁਝ ਮਹਾਨ ਪੁਰਸ਼ ਇਸ ਸੰਸਾਰ ਵਿਚ ਜਨਮ ਧਾਰਨ ਕਰਕੇ ਆਏ, ਉਹਨਾਂ ਨੇ ਪਵਿੱਤਰ ਢੰਗ ਨਾਲ ਆਪਣਾ ਜੀਵਨ ਬਤੀਤ ਕੀਤਾ, ਆਪ ਸਿਮਰਨ, ਸਤਿਸੰਗ ਤੇ ਸੇਵਾ ਕਰਦੇ ਰਹੇ। ਅਨੰਤ ਜੀਵਾਂ ਨੂੰ ਬੰਦਗੀ ਅਤੇ ਨਿਰਮਲ ਕਰਨੀ ਵਿਚ ਜੋੜ ਕੇ ਉਹਨਾਂ ਦੇ ਜੀਵਨ ਨੂੰ ਪਵਿੱਤਰ ਕਰ ਦਿੱਤਾ। ਉਹਨਾਂ ਮਹਾਂਪੁਰਸ਼ਾਂ ਦਾ ਨਾਮ ਇਤਿਹਾਸ ਦੇ ਪੰਨਿਆਂ ਤੇ ਸੁਨਹਿਰੀ ਅੱਖਰਾਂ ਵਿਚ ਚਮਕ ਰਿਹਾ ਹੈ। ਉਹਨਾਂ ਮਹਾਂਪੁਰਸ਼ਾਂ ਨੇ ਜੋ



ਮਾਰਗ ਦਿਖਾਇਆ, ਉਸ ਮਾਰਗ 'ਤੇ ਚਲਦੇ ਹੋਏ ਸਦੀਆਂ ਤੋਂ ਬਾਅਦ ਵੀ ਜੀਵ ਸੱਚਾ ਲਾਭ ਪ੍ਰਾਪਤ ਕਰ ਰਹੇ ਹਨ।

ਉਹਨਾਂ ਮਹਾਂਪੁਰਸ਼ਾਂ ਵਿਚੋਂ ਹੀ ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਹੋਏ ਹਨ, ਜਿਹਨਾਂ ਦੇ ਪਾਵਨ ਜੀਵਨ ਤੋਂ ਰੌਸ਼ਨੀ ਪ੍ਰਾਪਤ ਕਰਕੇ ਕਈਆਂ ਸਦੀਆਂ ਤੋਂ ਪ੍ਰੇਮੀ ਜਨ ਆਪਣਾ ਜੀਵਨ ਸਫਲ ਕਰਦੇ ਆ ਰਹੇ ਹਨ।

ਆਪ ਜੀ ਦਾ ਆਗਮਨ ਭਾਰਤ ਦੇ ਪ੍ਰਸਿੱਧ ਸ਼ਹਿਰ ਬਨਾਰਸ ਵਿਚ ਹੋਇਆ ਜੋ ਕਿ ਪੁਰਾਤਨ ਸਮੇਂ ਤੋਂ ਹੀ ਅਧਿਆਤਮਿਕਤਾ ਦਾ ਕੇਂਦਰ ਰਿਹਾ ਹੈ। ਆਪ ਜੀ ਦੇ ਪਿਤਾ ਦਾ ਨਾਮ ਸਤਿਕਾਰਯੋਗ ਸੰਤੋਖ ਦਾਸ ਜੀ ਅਤੇ ਮਾਤਾ ਜੀ ਦਾ ਨਾਮ ਸਤਿਕਾਰਯੋਗ ਕਲਸੀ ਦੇਵੀ ਸੀ। ਆਪ ਜੀ ਦੇ ਜਨਮ ਸੰਮਤ ਬਾਰੇ ਇਕ ਦੋਹਾ ਪ੍ਰਚਲਿਤ ਹੈ ਜੋ ਨਿਮਨ ਲਿਖਿਤ ਹੈ—

*ਚੌਦਹ ਸੌ ਤੈਤੀਸ ਕੀ ਮਾਘ ਸੁਦੀ ਪੰਦ੍ਰਾਸ॥*
*ਦੁਖੀਉਂ ਕੇ ਕਲਿਆਨ ਹਿਤ ਪ੍ਰਗਟੇ ਸ੍ਰੀ ਰਵਿਦਾਸ॥*

ਸਤਿਗੁਰੂ ਕਬੀਰ ਸਾਹਿਬ ਆਪ ਪ੍ਰਤੀ ਫੁਰਮਾਉਂਦੇ ਹਨ—

*ਸਾਧਨ ਮੇਂ ਰਵਿਦਾਸ ਸੰਤ ਹੈ ਸੁਪਚ ਰਿਸੀ ਸੋ ਮਾਨਿਆ।*
*ਹਿੰਦੂ ਤੁਰਕ ਦੁਈ ਦੀਨ ਬਨੇ ਹੈ ਕਛੂ ਨਹੀਂ ਪਹਿਚਾਨਿਆ॥*

ਸੰਤਾਂ ਵਿਚੋਂ ਮਹਾਨ ਸੰਤ ਗੁਰੂ ਰਵਿਦਾਸ ਜੀ ਹਨ ਜਿਨ੍ਹਾਂ ਨੂੰ ਦੁਨੀਆਂ ਮਹਾਨ ਰਿਸ਼ੀ ਮੰਨਦੀ ਹੈ ਅਤੇ ਤੱਤਕਾਲੀ ਸਮੇਂ ਦੇ ਹਿੰਦੂ ਅਤੇ ਮੁਸਲਮਾਨ ਆਪ ਜੀ ਦੇ ਚਰਨੀਂ ਪਏ ਅਤੇ ਪ੍ਰਭੂ ਕਰਕੇ ਜਾਣਿਆ।

ਆਪ ਜੀ ਦੇ ਪਾਵਨ ਜੀਵਨ ਬਾਰੇ ਭਗਤ ਨਾਭਾ ਦਾਸ ਜੀ ਲਿਖਦੇ ਹਨ—

(ਹ)

*ਵਰਣਾਸ਼੍ਰਮ ਅਭਿਮਾਨ ਤਜ ਪਦ ਰਜ ਬੰਦਹਿ ਜਾਸ ਕੀ।*
*ਸੰਦੇਹ ਗ੍ਰੰਥੀ ਖੰਡਨ ਨਿਪੁੰਨ ਬਾਣੀ ਬਿਮਲ ਰਵਿਦਾਸ ਕੀ॥*

ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਤੋਂ ਸਾਰੇ ਸੰਸਾਰ ਦੇ ਜੀਵ ਬਹੁਤ ਪ੍ਰਭਾਵਿਤ ਹੋਏ ਅਤੇ ਆਪ ਜੀ ਦੀ ਪ੍ਰੇਮਾ ਭਗਤੀ ਨੂੰ ਦੇਖ ਕੇ ਆਪ ਜੀ ਦੇ ਦਰਸ਼ਨ ਦੀਦਾਰ ਵਾਸਤੇ ਸਾਰੇ ਵਰਣਾਂ ਦੇ ਲੋਕ ਲਲਾਇਤ ਹੋ ਗਏ।

ਆਪ ਜੀ ਦੀ ਪਾਵਨ ਬਾਣੀ ਦਾ ਸਾਰੇ ਵਿਸ਼ਵ ਵਿਚ ਵੱਡਾ ਸਨਮਾਨ ਹੈ। ਸ਼੍ਰੀ ਗੁਰੂ ਗ੍ਰੰਥ ਸਾਹਿਬ ਵਿਚ ਆਪ ਜੀ ਦੇ 40 ਸ਼ਬਦ ਤੇ ਇਕ ਸ਼ਲੋਕ ਦਰਜ ਹੈ। ਇਸ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਧਾਰਮਿਕ ਗ੍ਰੰਥਾਂ ਵਿਚ ਆਪ ਜੀ ਦੀ ਪਾਵਨ ਬਾਣੀ ਉਪਲਬਧ ਹੈ। ਸੰਸਾਰ ਭਰ ਵਿਚ ਪ੍ਰੇਮੀ ਜਨ ਇਸ ਬਾਣੀ ਤੋਂ ਰੌਸ਼ਨੀ ਪ੍ਰਾਪਤ ਕਰਕੇ ਆਪਣੇ ਜੀਵਨ ਨੂੰ ਪਵਿੱਤਰ ਮਾਰਗ 'ਤੇ ਲਗਾ ਰਹੇ ਹਨ।

ਇਸ ਵਾਰ ਵੀ ਸ਼੍ਰੀ ਗੁਰੂ ਰਵਿਦਾਸ ਅੰਮ੍ਰਿਤ ਬਾਣੀ ਦੇ ਗੁਟਕੇ ਤਿਆਰ ਕਰਨ ਦਾ ਪੁਰਸ਼ਾਰਥ ਕੀਤਾ ਗਿਆ ਹੈ। ਅੱਜ ਤੱਕ ਡੇਰਾ 108 ਸੰਤ ਸਰਵਣ ਦਾਸ ਜੀ ਸੱਚਖੰਡ ਬੱਲਾਂ ਵਲੋਂ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦੇ ਮਿਸ਼ਨ 'ਤੇ ਕਾਰਜ ਕਰਨ ਵਾਲੇ 46 ਵਿਦਵਾਨਾਂ ਨੂੰ ਗੋਲਡ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ ਹੈ।

ਜਿੱਥੇ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਦੇ ਅੰਮ੍ਰਿਤ ਭਰਪੂਰ ਉਪਦੇਸ਼ ਨਾਲ ਜੋੜਨ ਵਾਸਤੇ
ਬ੍ਰਹਮਲੀਨ ਸ਼੍ਰੀ 108 ਬਾਬਾ ਪਿੱਪਲ ਦਾਸ ਜੀ,
ਬ੍ਰਹਮਲੀਨ ਸ਼੍ਰੀ 108 ਸੰਤ ਸਰਵਣ ਦਾਸ ਜੀ,

(ਕ)

ਬ੍ਰਹਮਲੀਨ ਸ਼੍ਰੀ 108 ਸੰਤ ਹਰੀ ਦਾਸ ਜੀ,
ਬ੍ਰਹਮਲੀਨ ਸ਼੍ਰੀ 108 ਸੰਤ ਗਰੀਬ ਦਾਸ ਜੀ
ਅਤੇ ਵਰਤਮਾਨ ਗੱਦੀ ਨਸ਼ੀਨ ਸ਼੍ਰੀ 108 ਸੰਤ ਨਿਰੰਜਣ ਦਾਸ ਜੀ ਵਲੋਂ ਵੱਡੇ ਉਪਰਾਲੇ ਕੀਤੇ ਗਏ ਹਨ, ਉਥੇ ਇਹਨਾਂ ਮਹਾਂਪੁਰਸ਼ਾਂ ਨੇ ਸ਼੍ਰੀ ਗੁਰੂ ਰਵਿਦਾਸ ਜਨਮ ਸਥਾਨ ਸੀਰ ਗੋਵਰਧਨਪੁਰ ਵਾਰਾਨਸੀ ਦੀ ਖੋਜ ਕਰਕੇ, ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਕੇ ਸ਼੍ਰੀ ਗੁਰੂ ਰਵਿਦਾਸ ਜਨਮ ਸਥਾਨ ਮੰਦਰ ਨੂੰ ਤਿਆਰ ਕੀਤਾ ਹੈ, ਜਿਸ ਦਾ ਨੀਂਹ ਪੱਥਰ ਸਤਿਗੁਰੂ ਸੁਆਮੀ ਸਰਵਣ ਦਾਸ ਜੀ ਦੇ ਆਦੇਸ਼ਾਂ ਅਨੁਸਾਰ ਸੰਤ ਹਰੀ ਦਾਸ ਮਹਾਰਾਜ ਜੀ ਨੇ ਹਾੜ੍ਹ ਦੀ ਸੰਗਰਾਂਦ 14 ਜੂਨ 1965 ਈ. ਨੂੰ ਰੱਖਿਆ ਅਤੇ ਉਸਾਰੀ ਦਾ ਸਾਰਾ ਕਾਰਜ ਸੰਤ ਹਰੀ ਦਾਸ ਜੀ ਤੇ ਸੰਤ ਗਰੀਬ ਦਾਸ ਜੀ ਨੇ ਮੁਕੰਮਲ ਕਰਵਾਇਆ। 12 ਦਸੰਬਰ 1974 ਈ. ਨੂੰ ਬਨਾਰਸ ਵਿਖੇ ਬਹੁਤ ਵੱਡਾ ਸੰਤ ਸੰਮੇਲਨ ਹੋਇਆ ਜਿਸ ਵਿਚ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਤੇ ਸੰਤ ਸਰਵਣ ਦਾਸ ਮਹਾਰਾਜ ਜੀ ਦੀਆਂ ਮੂਰਤੀਆਂ ਸੰਤ ਸਮਾਜ ਅਤੇ ਸੰਗਤਾਂ ਦੀ ਹਾਜ਼ਰੀ ਵਿਚ ਸਥਾਪਤ ਕੀਤੀਆਂ ਗਈਆਂ। ਮੰਦਰ 'ਤੇ ਕਰੋੜਾਂ ਰੁਪਏ ਖਰਚ ਕੀਤੇ ਗਏ ਹਨ। ਬ੍ਰਹਮਲੀਨ ਸ਼੍ਰੀ 108 ਸੰਤ ਗਰੀਬ ਦਾਸ ਜੀ ਨੇ 7 ਅਪ੍ਰੈਲ 1994 ਈ. ਨੂੰ ਸੋਨੇ ਦਾ ਕਲਸ਼ ਸਜਾਇਆ ਸੀ ਜਿਸ ਤੋਂ ਪਰਦਾ ਹਟਾਉਣ ਦੀ ਰਸਮ ਬਾਬੂ ਕਾਂਸ਼ੀ ਰਾਮ ਜੀ ਨੇ ਨਿਭਾਈ। ਸ਼੍ਰੀ ਗੁਰੂ ਰਵਿਦਾਸ ਗੇਟ ਲੰਕਾ ਚੌਰਾਹਾ (ਇਸ ਗੇਟ ਦਾ ਉਦਘਾਟਨ ਭਾਰਤ ਦੇ ਤੱਤਕਾਲੀਨ ਰਾਸ਼ਟਰਪਤੀ ਸ਼੍ਰੀ ਕੇ.ਆਰ. ਨਰਾਇਣਨ ਜੀ ਨੇ 16 ਜੁਲਾਈ

(ਖ)

1998 ਨੂੰ ਆਪਣੇ ਕਰ-ਕਮਲਾਂ ਨਾਲ ਕੀਤਾ) ਇਹ ਗੇਟ ਸੰਤ ਨਿਰੰਜਣ ਦਾਸ ਜੀ ਦੀ ਸਰਪ੍ਰਸਤੀ ਹੇਠ ਸ਼੍ਰੀ 108 ਸੰਤ ਸਰਵਣ ਦਾਸ ਚੈਰੀਟੇਬਲ ਟਰੱਸਟ ਯੂ.ਕੇ. ਦੇ ਮੈਂਬਰਾਂ ਨੇ ਮਾਇਆ ਖਰਚ ਕੇ ਤਿਆਰ ਕਰਵਾਇਆ ਹੈ। ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 625ਵੇਂ ਆਗਮਨ ਪੁਰਬ 'ਤੇ ਸੁਆਮੀ ਨਿਰੰਜਣ ਦਾਸ ਜੀ ਵਲੋਂ ਇਸ ਮੰਦਰ 'ਤੇ 31 ਸੋਨੇ ਦੇ ਕਲਸ਼ ਅਤੇ ਛਤਰ ਸਜਾਏ ਗਏ ਅਤੇ ਵੱਖ-ਵੱਖ ਪ੍ਰਾਂਤਾਂ ਤੋਂ ਆਏ ਸੰਤਾਂ ਮਹਾਂਪੁਰਸ਼ਾਂ ਦੇ ਕਰ-ਕਮਲਾਂ ਦੁਆਰਾ ਪਰਦਾ ਹਟਾਇਆ ਗਿਆ। ਸੰਗਤਾਂ ਦੀ ਸਹੂਲਤ ਲਈ 100×65 ਫੁੱਟ ਦੋ ਮੰਜ਼ਲੀ ਵਿਸ਼ਾਲ ਲੰਗਰ ਹਾਲ ਦੀ ਉਸਾਰੀ ਕੀਤੀ ਗਈ ਹੈ। 50 ਕਮਰਿਆਂ ਵਾਲੀ ਚਾਰ ਮੰਜ਼ਲੀ ਬਿਲਡਿੰਗ ਦੀ ਉਸਾਰੀ ਕੀਤੀ ਗਈ ਹੈ। ਸੰਗਤ ਦੀ ਸਹੂਲਤ ਲਈ ਕਰੀਬ 9 ਏਕੜ ਹੋਰ ਜ਼ਮੀਨ ਖਰੀਦੀ ਗਈ। ਅੱਜ ਇਸ ਵਿਸ਼ਾਲ ਅਤੇ ਸੁੰਦਰ ਸ਼੍ਰੀ ਗੁਰੂ ਰਵਿਦਾਸ ਜਨਮ ਸਥਾਨ ਮੰਦਰ ਦੇ ਦਰਸ਼ਨ ਕਰਕੇ ਸੰਗਤਾਂ ਦੀ ਆਤਮਿਕ ਤ੍ਰਿਪਤੀ ਹੁੰਦੀ ਹੈ।

ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦੇ 631ਵੇਂ ਆਗਮਨ ਪੁਰਬ 23 ਫਰਵਰੀ, 2008 ਈ. 'ਤੇ ਯੂਰਪ ਦੀਆਂ ਸੰਗਤਾਂ ਵਲੋਂ ਸ਼੍ਰੀ ਗੁਰੂ ਰਵਿਦਾਸ ਜਨਮ ਸਥਾਨ ਮੰਦਿਰ ਲਈ ਸਵਰਣ ਪਾਲਕੀ ਭੇਂਟ ਕੀਤੀ ਗਈ, ਜਿਸ ਦਾ ਉਦਘਾਟਨ ਉੱਤਰ ਪ੍ਰਦੇਸ਼ ਦੀ ਮੁੱਖ ਮੰਤਰੀ ਕੁਮਾਰੀ ਮਾਇਆਵਤੀ ਜੀ ਨੇ ਕੀਤਾ।

ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 632ਵੇਂ ਆਗਮਨ ਪੁਰਬ 9 ਫਰਵਰੀ, 2009 'ਤੇ ਸ਼੍ਰੀ ਗੁਰੂ ਰਵਿਦਾਸ

(ਗ)

ਜਨਮ ਸਥਾਨ ਮੰਦਿਰ ਨੂੰ ਸੋਨੇ ਵਿੱਚ ਮੜ੍ਹਾਉਣ ਦਾ ਸ਼ੁੱਭ ਕਾਰਜ ਆਰੰਭ ਕੀਤਾ ਗਿਆ।

ਇਸ ਮੰਦਰ ਦੀ ਉਸਾਰੀ ਤੋਂ ਪ੍ਰੇਰਨਾ ਲੈ ਕੇ ਅੱਜ ਹੋਰ ਵੀ ਸਥਾਨ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਨਾਮ 'ਤੇ ਸਜੇ ਹਨ। ਸ਼੍ਰੀ ਗੁਰੂ ਰਵਿਦਾਸ ਮੰਦਿਰ ਰਾਜ ਘਾਟ, ਸ਼੍ਰੀ ਗੁਰੂ ਰਵਿਦਾਸ ਪਾਰਕ ਤੇ ਸਮਾਰਕ, ਸ਼੍ਰੀ ਗੁਰੂ ਰਵਿਦਾਸ ਘਾਟ, ਸ਼੍ਰੀ ਗੁਰੂ ਰਵਿਦਾਸ ਸੇਤੂ (ਪੁਲ), ਸ਼੍ਰੀ ਗੁਰੂ ਰਵਿਦਾਸ ਆਈ.ਏ.ਐਸ., ਆਈ.ਪੀ.ਐਸ., ਪੀ.ਸੀ.ਐਸ. ਕੋਚਿੰਗ ਸੈਂਟਰ ਆਦਿ ਦੀ ਸਥਾਪਨਾ ਕਰਨ ਲਈ ਬਸਪਾ ਸੁਪਰੀਮੋ ਸ਼੍ਰੀ ਕਾਂਸ਼ੀ ਰਾਮ ਜੀ ਅਤੇ ਉੱਤਰ ਪ੍ਰਦੇਸ਼ ਦੇ ਤੱਤਕਾਲੀਨ ਮੁੱਖ ਮੰਤਰੀ ਕੁਮਾਰੀ ਮਾਇਆਵਤੀ ਜੀ ਨੇ ਸ਼ਲਾਘਾਯੋਗ ਉਪਰਾਲੇ ਕੀਤੇ।

ਡੇਰਾ ਸੱਚਖੰਡ ਬੱਲਾਂ ਵਲੋਂ 200 ਬਿਸਤਰੇ ਦਾ ਸੰਤ ਸਰਵਣ ਦਾਸ ਚੈਰੀਟੇਬਲ ਹਸਪਤਾਲ ਕਠਾਰ ਵਿਖੇ ਚਲਾਇਆ ਜਾ ਰਿਹਾ ਹੈ, ਇਸ ਹਸਪਤਾਲ ਦਾ ਨੀਂਹ ਪੱਥਰ 20 ਅਕਤੂਬਰ 1982 ਈ. ਨੂੰ ਰੱਖਿਆ ਗਿਆ। ਇਸ ਮਹਾਨ ਕਾਰਜ ਲਈ ਸੇਠ ਬੇਲੀ ਰਾਮ, ਬੀਬੀ ਪੁਰੋ, ਬੀਬੀ ਭਜਨੋ, ਸੇਠ ਰਾਜ ਮੱਲ ਕੁਪੁਰ-ਢੇਪੁਰ ਅਤੇ ਪੰਚਾਇਤ ਕੁਪੁਰ ਨੇ ਜ਼ਮੀਨ ਦਾਨ ਕੀਤੀ। ਇਸ ਹਸਪਤਾਲ ਦਾ ਸ਼ੁੱਭ ਉਦਘਾਟਨ 1 ਜਨਵਰੀ 1984 ਈ. ਨੂੰ ਕੀਤਾ ਗਿਆ, ਜਿੱਥੇ ਰੋਗੀਆਂ ਦਾ ਇਲਾਜ ਬਹੁਤ ਹੀ ਲਗਨ ਅਤੇ ਮਿਹਨਤ ਨਾਲ ਕੀਤਾ ਜਾਂਦਾ ਹੈ ਅਤੇ ਲੱਖਾਂ ਰੁਪਏ ਪ੍ਰਤੀ ਮਹੀਨਾ ਖਰਚ ਕੀਤੇ ਜਾਂਦੇ ਹਨ।

ਡੇਰਾ ਸੱਚਖੰਡ ਬੱਲਾਂ ਵਲੋਂ ਸਪਤਾਹਿਕ 'ਬੇਗਮਪੁਰਾ ਸ਼ਹਿਰ' ਤਿੰਨ ਭਾਸ਼ਾਈ ਪੱਤ੍ਰਿਕਾ ਲਗਾਤਾਰ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦੇ ਪਾਵਨ ਮਿਸ਼ਨ ਨੂੰ 1991 ਈ. ਤੋਂ ਪੂਰੇ ਵਿਸ਼ਵ ਵਿਚ

(ਘ)

ਲਗਾਤਾਰ ਫੈਲਾਇਆ ਜਾ ਰਿਹਾ ਹੈ। ਇਸ ਪੱਤ੍ਰਿਕਾ ਦੁਆਰਾ ਗੁਰੂ ਜੀ ਦੀ ਬਾਣੀ ਅਤੇ ਉੱਚ ਕੋਟੀ ਦੇ ਲੇਖਕਾਂ ਦੇ ਲੇਖ ਅਤੇ ਰਚਨਾਵਾਂ ਦਾ ਦੇਸ਼-ਵਿਦੇਸ਼ ਵਿਚ ਬੈਠੀ ਸੰਗਤ ਲਾਭ ਪ੍ਰਾਪਤ ਕਰ ਰਹੀ ਹੈ।

*ਸ਼੍ਰੀ ਗੁਰੂ ਰਵਿਦਾਸ ਮੰਦਿਰ ਅਤੇ ਸੰਤ ਸਰਵਣ ਦਾਸ ਮਾਡਲ ਸਕੂਲ, (C.B.S.E.,10+2) ਹਦੀਆਬਾਦ ਫਗਵਾੜਾ* ਦਾ ਸ਼ੁੱਭ ਉਦਘਾਟਨ ਡੇਰਾ ਸੱਚਖੰਡ ਬੱਲਾਂ ਦੇ ਗੱਦੀ ਨਸ਼ੀਨ ਸੰਤ ਨਿਰੰਜਣ ਦਾਸ ਜੀ ਮਹਾਰਾਜ ਨੇ ਮਿਤੀ 19-2-04 ਨੂੰ ਕੀਤਾ। ਇਹ ਸਥਾਨ ਵੀ ਸੰਗਤਾਂ ਦੇ ਦੇਖਣਯੋਗ ਹੈ। ਸ਼੍ਰੀਮਾਨ ਬ੍ਰਿਜ ਲਾਲ ਜੀ, ਉਹਨਾਂ ਦੇ ਜੀਵਨ ਸਾਥੀ ਬੀਬੀ ਗੁਰਦੇਵ ਕੌਰ ਅਤੇ ਪਰਿਵਾਰ, ਸ੍ਰੀ ਦੇਸ ਰਾਜ ਜੀ ਤੇ ਉਨ੍ਹਾਂ ਦੇ ਜੀਵਨ ਸਾਥੀ ਬੀਬੀ ਕਮਲੇਸ਼ ਕੌਰ ਅਤੇ ਪਰਿਵਾਰ ਸਾਰੀਆਂ ਸੰਗਤਾਂ ਦੇ ਨਾਲ ਧੰਨਵਾਦ ਦੇ ਪਾਤਰ ਹਨ। ਜਿਹਨਾਂ ਦੇ ਪੁਰਸ਼ਾਰਥ ਸਦਕਾ ਇਹ ਸਥਾਨ ਵੀ ਸੇਵਾ ਦਾ ਕੇਂਦਰ ਹੋ ਨਿਬੜਿਆ ਹੈ। ਇਸ ਮਹਾਨ ਕਾਰਜ ਲਈ ਸ਼੍ਰੀ ਬ੍ਰਿਜ ਲਾਲ ਤੇ ਬੀਬੀ ਗੁਰਦੇਵ ਕੌਰ ਨੇ ਤਕਰੀਬਨ 5 ਏਕੜ ਜ਼ਮੀਨ ਦਾਨ ਕੀਤੀ।

*ਸ਼੍ਰੀ ਗੁਰੂ ਰਵਿਦਾਸ ਸਤਿਸੰਗ ਭਵਨ ਡੇਰਾ ਸੱਚਖੰਡ ਬੱਲਾਂ*—ਸੰਗਤਾਂ ਦੀ ਸੁਵਿਧਾ ਵਾਸਤੇ ਸ਼੍ਰੀ 108 ਸੰਤ ਨਿਰੰਜਣ ਦਾਸ ਜੀ ਮਹਾਰਾਜ ਨੇ ਡਾਢੀ ਲੋੜ ਸਮਝਦੇ ਹੋਏ ਸ਼੍ਰੀ ਗੁਰੂ ਰਵਿਦਾਸ ਸਤਿਸੰਗ ਭਵਨ ਦੀ ਉਸਾਰੀ ਦਾ ਕੰਮ ਮਿਤੀ 12-3-2000 ਨੂੰ ਸ਼ੁਰੂ ਕੀਤਾ ਅਤੇ ਸਾਰੀਆਂ ਸੰਗਤਾਂ ਦੀ ਵੱਡੀ ਘਾਲਣਾ ਸਦਕਾ ਵਿਸ਼ਾਲ ਭਵਨ ਬਣ ਕੇ ਤਿਆਰ ਹੋ ਚੁੱਕਾ ਹੈ, ਇਸ ਸਤਿਸੰਗ ਭਵਨ ਤੇ 7 ਸਵਰਨ ਕਲਸ ਸੁਸ਼ੋਭਿਤ ਕੀਤੇ ਗਏ ਹਨ। ਜਿਸ ਦਾ ਉਦਘਾਟਨ 15 ਫਰਵਰੀ 2007 ਈ: ਨੂੰ ਕੀਤਾ ਗਿਆ। ਇਸ

(ਙ)

ਸ਼ੁੱਭ ਅਵਸਰ 'ਤੇ ਬਰਮਿੰਘਮ (ਯੂ.ਕੇ.) ਦੀਆਂ ਸੰਗਤਾਂ ਵਲੋਂ ਡੇਰਾ ਸੱਚਖੰਡ ਬੱਲਾਂ ਲਈ ਸਵਰਨ ਪਾਲਕੀ ਭੇਂਟ ਕੀਤੀ ਗਈ। ਇਸ ਵਾਸਤੇ ਢਾਈ ਏਕੜ ਜ਼ਮੀਨ ਸ੍ਰੀ ਸਵਰਨ ਦਾਸ ਬੰਗੜ, ਬੀਬੀ ਰੇਸ਼ਮ ਕੌਰ ਅਤੇ ਪਰਿਵਾਰ ਪਿੰਡ ਬੱਲਾਂ (ਸਟਰੂਡਕੈਂਟ ਯੂ.ਕੇ.) ਵਾਲਿਆਂ ਵਲੋਂ ਦਾਨ ਕੀਤੀ ਗਈ। ਇਲਾਕੇ ਵਿਚ ਆਪਣੀ ਕਿਸਮ ਦਾ ਇਹ ਵਿਲੱਖਣ ਨਕਸ਼ੇ ਦਾ ਪਹਿਲਾ ਸਤਿਸੰਗ ਭਵਨ ਹੈ।

ਸੰਤ ਸਰਵਣ ਦਾਸ ਚੈਰੀਟੇਬਲ ਅੱਖਾਂ ਦੇ ਹਸਪਤਾਲ ਦੀ ਉਸਾਰੀ ਡੇਰਾ ਸੱਚਖੰਡ ਬੱਲਾਂ ਵਿਖੇ ਕੀਤੀ ਗਈ ਹੈ। ਜਿਸ ਦਾ ਨੀਂਹ ਪੱਥਰ 10-11-2004 ਦਿਨ ਬੁੱਧਵਾਰ ਨੂੰ ਸ਼੍ਰੀਮਾਨ 108 ਸੰਤ ਨਿਰੰਜਣ ਦਾਸ ਜੀ ਮਹਾਰਾਜ ਨੇ ਸੰਤ ਸਮਾਜ ਅਤੇ ਸੰਗਤ ਦੀ ਹਾਜ਼ਰੀ ਵਿਚ ਰੱਖਿਆ। ਇਸ ਹਸਪਤਾਲ ਵਾਸਤੇ ਸ਼੍ਰੀ ਸਵਰਨ ਦਾਸ ਬੰਗੜ, ਬੀਬੀ ਰੇਸ਼ਮ ਕੌਰ ਤੇ ਸਮੂਹ ਪਰਿਵਾਰ ਪਿੰਡ ਬੱਲਾਂ (ਸਟਰੂਡਕੈਂਟ ਯੂ.ਕੇ.) ਵਾਲਿਆਂ ਨੇ 1 ਕਰੋੜ ਰੁਪਏ ਦੀ ਸੇਵਾ ਭੇਟ ਕੀਤੀ। ਇਸ ਹਸਪਤਾਲ ਦਾ ਉਦਘਾਟਨ 15-2-2007 ਈ. ਨੂੰ ਕੀਤਾ ਗਿਆ।

ਸ਼੍ਰੀ ਗੁਰੂ ਰਵਿਦਾਸ ਮੰਦਿਰ ਕਾਤਰਜ ਪੂਨਾ (ਮਹਾਂਰਾਸ਼ਟਰ) ਦੀ ਉਸਾਰੀ ਕੀਤੀ ਜਾ ਰਹੀ ਹੈ ਜਿਸ ਦਾ ਨੀਂਹ-ਪੱਥਰ ਮਿਤੀ 7.12.2003 ਨੂੰ ਸ਼੍ਰੀਮਾਨ 108 ਸੰਤ ਨਿਰੰਜਣ ਦਾਸ ਜੀ ਵਲੋਂ ਸੰਤ ਸਮਾਜ ਅਤੇ ਸੰਗਤ ਦੀ ਹਾਜ਼ਰੀ ਵਿਚ ਰੱਖਿਆ ਗਿਆ। ਇਸ ਮੰਦਿਰ ਲਈ ਸ਼੍ਰੀ ਸੁਖਦੇਵ ਬਾਗਮਾਰੇ ਤੇ ਬੀਬੀ ਰਾਧਾ, ਸ਼੍ਰੀ ਸਾਂਭਾ ਬਾਗਮਾਰੇ ਅਤੇ ਸ਼੍ਰੀਮਤੀ ਛਾਇਆ ਤੇ ਸਮੂਹ ਪਰਿਵਾਰ ਪੂਨਾ ਵਾਲਿਆਂ ਨੇ 1 ਏਕੜ ਜ਼ਮੀਨ ਦਾਨ ਕੀਤੀ ਹੈ ਅਤੇ 85 ਫੁੱਟ×35 ਫੁੱਟ ਵਿਸ਼ਾਲ ਦੋ ਮੰਜ਼ਲੀ ਮੰਦਿਰ ਦੀ ਉਸਾਰੀ ਹੋ ਚੁੱਕੀ ਹੈ

(ਚ)

ਅਤੇ ਸ਼੍ਰੀ ਗੁਰੂ ਰਵਿਦਾਸ ਸਤੰਭ ਦੀ ਉਸਾਰੀ ਚਲ ਰਹੀ ਹੈ। ਇਨ੍ਹਾਂ ਕਾਰਜਾਂ ਵਿਚ ਮਾਤਾ ਪ੍ਰਸਿੰਨੀ ਜੀ ਤੇ ਸਮੂਹ ਕੋਟੋਰਾਣੇ ਪਰਿਵਾਰ ਵਾਸੀ ਫਰੀਦਪੁਰ (ਯੂ.ਕੇ.), ਪੂਨਾ ਦੀਆਂ ਸ਼ਲਾਘਾਯੋਗ ਸੇਵਾਵਾਂ ਹਨ ਅਤੇ ਬਹੁਤ ਸਾਰੇ ਹੋਰ ਗੁਰੂ ਪ੍ਰੇਮੀਆਂ ਵਲੋਂ ਵੀ ਸੇਵਾਵਾਂ ਭੇਂਟ ਹੋਈਆਂ ਹਨ।

ਸ਼੍ਰੀ ਗੁਰੂ ਰਵਿਦਾਸ ਮੰਦਿਰ ਸਿਰਸਗੜ੍ਹ (ਹਰਿਆਣਾ) ਦਾ ਨੀਂਹ ਪੱਥਰ ਸ਼੍ਰੀ 108 ਸੰਤ ਨਿਰੰਜਣ ਦਾਸ ਜੀ ਵਲੋਂ ਸੰਤ ਸਮਾਜ ਅਤੇ ਸੰਗਤਾਂ ਦੀ ਹਾਜ਼ਰੀ ਵਿਚ 31-8-2004 ਨੂੰ ਰੱਖਿਆ ਗਿਆ। ਇਸ ਕਾਰਜ ਵਾਸਤੇ ਸ਼੍ਰੀ ਗੁਰਬਖਸ਼ ਸਿੰਘ ਰਿਟਾ: (ਆਈ.ਐਫ.ਐਸ.) ਬੀਬੀ ਰਾਜ ਰਾਣੀ ਦੇ ਪਰਿਵਾਰ ਨੇ 4 ਏਕੜ 17 ਮਰਲੇ ਜ਼ਮੀਨ ਦਾਨ ਕੀਤੀ ਜਿੱਥੇ 40×114 ਦੋ ਮੰਜ਼ਲੀ ਬਿਲਡਿੰਗ ਦੀ ਉਸਾਰੀ ਹੋ ਚੁੱਕੀ ਹੈ। ਵਿਸ਼ਾਲ ਸ਼੍ਰੀ ਗੁਰੂ ਰਵਿਦਾਸ ਸਤਿਸੰਗ ਹਾਲ ਦੀ ਉਸਾਰੀ ਦਾ ਕੰਮ ਤੇਜ਼ੀ ਨਾਲ ਚਲ ਰਿਹਾ ਹੈ। ਇਸ ਸਤਿਸੰਗ ਭਵਨ ਲਈ ਸ਼੍ਰੀ ਫਕੀਰ ਚੰਦ ਮੌਲਾਨਾ (ਐਮ.ਪੀ.) ਨੇ 21 ਲੱਖ ਰੁਪਏ ਬਿਲਡਿੰਗ ਉਸਾਰੀ ਦੇ ਸਮਾਨ ਲਈ ਭੇਂਟ ਕੀਤੇ।

ਸੰਤ ਬਾਬਾ ਪਿੱਪਲ ਦਾਸ ਜੀ ਮਹਾਰਾਜ ਦੀ ਕਰਮ ਸਥਲੀ ਅਤੇ ਸੰਤ ਸਰਵਣ ਦਾਸ ਜੀ ਮਹਾਰਾਜ ਦੀ ਜਨਮ ਸਥਲੀ ਗਿੱਲ ਪੱਟੀ ਜ਼ਿਲਾ ਬਠਿੰਡਾ ਵਿਖੇ ਆਸ਼ਰਮ ਦੀ ਉਸਾਰੀ ਦਾ ਕੰਮ ਹੋ ਚੁੱਕਾ ਹੈ।

ਡੇਰਾ ਸੱਚਖੰਡ ਬੱਲਾਂ ਵਲੋਂ ਦੂਰਦਰਸ਼ਨ DD-1 (ਰਿਜਨਲ) ਤੇ "ਅੰਮ੍ਰਿਤ ਬਾਣੀ ਸ਼੍ਰੀ ਗੁਰੂ ਰਵਿਦਾਸ ਜੀ" ਪ੍ਰੋਗਰਾਮ ਹਰ ਮੰਗਲਵਾਰ ਨੂੰ ਅਤੇ ਡੀ.ਡੀ. (ਪੰਜਾਬੀ) ਚੈਨਲ ਤੇ ਹਰ ਬੁੱਧਵਾਰ ਨੂੰ ਪ੍ਰਸਾਰਿਤ ਕੀਤਾ ਜਾਂਦਾ ਹੈ।

(ਛ)

ਇਸ ਨਾਲ ਹੋਰ ਬਹੁਤ ਸਾਰੀਆਂ ਸੇਵਾਵਾਂ ਡੇਰੇ ਵਲੋਂ ਨਿਭਾਈਆਂ ਜਾਂਦੀਆਂ ਹਨ। ਸਾਰੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਸ਼੍ਰੀ ਗੁਰੂ ਰਵਿਦਾਸ ਜਨਮ ਸਥਾਨ ਮੰਦਿਰ ਦੇ ਦਰਸ਼ਨ ਜ਼ਰੂਰ ਕਰਨੇ ਚਾਹੀਦੇ ਹਨ। ਸ਼੍ਰੀ ਗੁਰੂ ਰਵਿਦਾਸ ਨਾਮ ਲੇਵਾ ਸੰਗਤਾਂ ਵਾਸਤੇ ਇਹ ਸਰਬ ਸ੍ਰੇਸ਼ਠ ਸਥਾਨ ਹੈ। ਇਸ ਦੇ ਨਾਲ ਇਹ ਵੀ ਜ਼ਰੂਰੀ ਹੈ ਕਿ ਸਤਿਗੁਰਾਂ ਦੀ ਪਵਿੱਤਰ ਬਾਣੀ ਪੜ੍ਹੀਏ ਤੇ ਜੋ ਉਪਦੇਸ਼ ਸਤਿਗੁਰਾਂ ਨੇ ਸਤਿਸੰਗ, ਸੇਵਾ, ਸਿਮਰਨ, ਪਰਉਪਕਾਰ, ਏਕਤਾ, ਸਮਾਨਤਾ ਬਾਰੇ ਦਿੱਤੇ, ਉਹਨਾਂ ਨੂੰ ਜੀਵਨ ਵਿਚ ਧਾਰਣ ਕਰੀਏ ਤਾਂ ਕਿ ਅਨਮੋਲ ਮਨੁੱਖੀ ਤਨ ਦਾ ਲਾਹਾ ਲੈ ਸਕੀਏ।

*ਨੋਟ*—ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਪ੍ਰਕਾਸ਼ ਦਿਹਾੜਾ ਹਰ ਸਾਲ ਸ਼੍ਰੀ 108 ਸੰਤ ਨਿਰੰਜਣ ਦਾਸ ਚੇਅਰਮੈਨ ਸ਼੍ਰੀ ਗੁਰੂ ਰਵਿਦਾਸ ਜਨਮ ਸਥਾਨ ਪਬਲਿਕ ਚੈਰੀਟੇਬਲ ਟਰੱਸਟ (ਰਜਿ:) (ਗੱਦੀ ਨਸ਼ੀਨ ਡੇਰਾ ਸੱਚਖੰਡ ਬੱਲਾਂ) ਦੀ ਸਰਪ੍ਰਸਤੀ ਹੇਠ ਸ਼੍ਰੀ ਗੁਰੂ ਰਵਿਦਾਸ ਜਨਮ ਸਥਾਨ ਮੰਦਰ ਸੀਰ ਗੋਵਰਧਨਪੁਰ, ਵਾਰਾਨਸੀ (ਯੂ.ਪੀ.) ਵਿਖੇ ਮਨਾਇਆ ਜਾਂਦਾ ਹੈ। ਸੰਗਤਾਂ ਦੀ ਸੁਵਿਧਾ ਲਈ ਹਰ ਸਾਲ ਜਲੰਧਰ ਤੋਂ ਬਨਾਰਸ ਤੱਕ ਸਪੈਸ਼ਲ "ਬੇਗਮਪੁਰਾ ਐਕਸਪ੍ਰੈਸ" ਟਰੇਨ ਚਲਾਈ ਜਾਂਦੀ ਹੈ। ਸੰਸਾਰ ਭਰ ਤੋਂ ਸੰਗਤਾਂ ਹੁੰਮ-ਹੁੰਮਾ ਕੇ ਦਰਸ਼ਨਾਂ ਵਾਸਤੇ ਪੁੱਜਦੀਆਂ ਹਨ। ਹਰ ਸਮੇਂ ਇਹ ਮਹਾਨ ਸਥਾਨ ਸੰਗਤਾਂ ਨੂੰ ਖੁਸ਼ੀਆਂ ਬਖਸ਼ਿਸ਼ ਕਰਦਾ ਹੈ। ਇਸ ਵਾਰ 633ਵਾਂ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਪ੍ਰਕਾਸ਼ ਦਿਹਾੜਾ 30 ਜਨਵਰੀ 2010 ਮੁਤਾਬਕ ਮਨਾਇਆ ਜਾ ਰਿਹਾ ਹੈ। ਸਭ ਸੰਗਤਾਂ ਨੂੰ ਗੁਰੂ ਦਰਬਾਰ ਦੇ ਦਰਸ਼ਨ ਕਰਨ ਲਈ ਬੇਨਤੀ ਕਰਦੇ ਹਾਂ। —*ਸੰਤ ਰਾਮਾ ਨੰਦ*

## ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਸੰਬੰਧੀ ਮਹੱਤਵਪੂਰਨ ਤੱਥ :

* ਗੁਰੂ ਰਵਿਦਾਸ ਸੰਪ੍ਰਦਾਇ ਦਾ ਨਿਸ਼ਾਨ ਸਾਹਿਬ



* ਪ੍ਰਕਾਸ਼ ਦਿਹਾੜਾ ਮਾਘ ਸੁਦੀ ਪੰਦ੍ਰਾਸ 1433 ਬਿਕਰਮੀ ਸੰਮਤ ਸੰਨ 1377ਈ.।
* ਜਨਮ ਸਥਾਨ ਸੀਰ ਗੋਵਰਧਨਪੁਰ ਬਨਾਰਸ (ਯੂ.ਪੀ.)।
* ਪਿਤਾ ਸਤਿਕਾਰਯੋਗ ਸੰਤੋਖ ਦਾਸ ਜੀ।
* ਮਾਤਾ ਸਤਿਕਾਰਯੋਗ ਕਲਸੀ ਦੇਵੀ ਜੀ।
* ਦਾਦਾ ਸਤਿਕਾਰਯੋਗ ਕਾਲੂ ਰਾਮ ਜੀ।
* ਦਾਦੀ ਸਤਿਕਾਰਯੋਗ ਲੱਖਪਤੀ ਜੀ।
* ਸੁਪਤਨੀ ਸਤਿਕਾਰਯੋਗ ਲੋਨਾ ਜੀ।
* ਸਪੁੱਤਰ ਸਤਿਕਾਰਯੋਗ ਵਿਜੈ ਦਾਸ ਜੀ।
* ਬ੍ਰਹਮਲੀਨ ਹਾੜ ਦੀ ਸੰਗਰਾਂਦ 1584 ਬਿਕਰਮੀ ਸੰਮਤ (1528ਈ.) ਬਨਾਰਸ ਵਿਖੇ।

(ਜੈ ਸੰਤਾਂ ਦੀ)

**ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦੇ 633ਵੇਂ ਪ੍ਰਕਾਸ਼ ਦਿਹਾੜੇ 'ਤੇ ਵਿਸ਼ੇਸ਼**

| | |
|---|---|
| ਪਹਿਲੀ ਵਾਰ | : 2000+2000 (ਪੰਜਾਬੀ) |
| ਦੂਜੀ ਵਾਰ | : 2000 (ਹਿੰਦੀ) |
| ਤੀਸਰੀ ਵਾਰ | : 2000 (ਹਿੰਦੀ) |
| ਚੌਥੀ ਵਾਰ | : 10,000+10,000 (ਹਿੰਦੀ) |
| ਪੰਜਵੀਂ ਵਾਰ | : 10,000+10,000 (ਪੰਜਾਬੀ) |
| ਛੇਵੀਂ ਵਾਰ | : 2000+2000 (ਗੁਰਮੁਖੀ ਤੇ ਰੋਮਨ) |
| ਸੱਤਵੀਂ ਵਾਰ | : 5000 (ਪੰਜਾਬੀ) |

ਭੇਟਾ : 10 ਰੁਪੈ

ਛਾਪਕ-ਰਵਿ ਪ੍ਰਕਾਸ਼ ਪ੍ਰਿੰਟਿੰਗ ਪ੍ਰੈੱਸ
ਮੁਹੱਲਾ ਸੁੰਦਰ ਨਗਰ, ਜਲੰਧਰ।
ਫੋਨ : 0181-2611697

## ਤਤਕਰਾ

| ਲੜੀ ਨੰ: ਸ਼ਬਦ | ਪੰਨਾ |
|---|---|
| 1. ਤੋਹੀ ਮੋਹੀ ਮੋਹੀ ਤੋਹੀ ਅੰਤਰੁ ਕੈਸਾ॥ | 1 |
| 2. ਮੇਰੀ ਸੰਗਤਿ ਪੋਚ ਸੋਚ ਦਿਨੁ ਰਾਤੀ॥ | 2 |
| 3. ਬੇਗਮਪੁਰਾ ਸਹਰ ਕੋ ਨਾਉ॥ | 2 |
| 4. ਘਟ ਅਵਘਟ ਡੂਗਰ ਘਣਾ...... | 4 |
| 5. ਕੂਪੁ ਭਰਿਓ ਜੈਸੇ ਦਾਦਿਰਾ...... | 5 |
| 6. ਸਤਜੁਗਿ ਸਤੁ ਤੇਤਾ ਜਗੀ..... | 6 |
| 7. ਮ੍ਰਿਗ ਮੀਨ ਭ੍ਰਿੰਗ ਪਤੰਗ ਕੁੰਚਰ.... | 9 |
| 8. ਸੰਤ ਤੁਝੀ ਤਨੁ ਸੰਗਤਿ ਪ੍ਰਾਨ॥ | 10 |
| 9. ਤੁਮ ਚੰਦਨ ਹਮ ਇਰੰਡ ਬਾਪੁਰੇ...... | 11 |
| 10. ਕਹਾ ਭਇਓ ਜਉ ਤਨੁ ਭਇਓ ਛਿਨੁ ਛਿਨੁ॥ | 12 |
| 11. ਹਰਿ ਹਰਿ ਹਰਿ ਹਰਿ ਹਰਿ ਹਰਿ ਹਰੇ॥ | 13 |
| 12. ਮਾਟੀ ਕੋ ਪੁਤਰਾ ਕੈਸੇ ਨਚਤੁ ਹੈ॥ | 14 |
| 13. ਦੂਧ ਤ ਬਛਰੈ ਥਨਹੁ ਬਿਟਾਰਿਓ॥ | 14 |
| 14. ਜਬ ਹਮ ਹੋਤੇ ਤਬ ਤੂ ਨਾਹੀ..... | 15 |
| 15. ਜਉ ਹਮ ਬਾਂਧੇ ਮੋਹ ਫਾਸ..... | 17 |
| 16. ਦੁਲਭ ਜਨਮੁ ਪੁੰਨ ਫਲ ਪਾਇਓ...... | 18 |
| 17. ਸੁਖ ਸਾਗਰੁ ਸੁਰਤਰ ਚਿੰਤਾਮਨਿ...... | 19 |

| ਲੜੀ ਨੰ: ਸ਼ਬਦ | ਪੰਨਾ |
|---|---|
| 18. ਜਉ ਤੁਮ ਗਿਰਿਵਰ ਤਉ ਹਮ ਮੋਰਾ॥ | 20 |
| 19. ਜਲ ਕੀ ਭੀਤਿ ਪਵਨ ਕਾ ਥੰਭਾ..... | 21 |
| 20. ਚਮਰਟਾ ਗਾਂਠਿ ਨ ਜਨਈ॥ | 22 |
| 21. ਹਮ ਸਰਿ ਦੀਨੁ ਦਇਆਲੁ ਨ ਤੁਮ ਸਰਿ.... | 23 |
| 22. ਚਿਤ ਸਿਮਰਨੁ ਕਰਉ ਨੈਨ ਅਵਿਲੋਕਨੋ.... | 24 |
| 23. ਨਾਮੁ ਤੇਰੋ ਆਰਤੀ ਮਜਨੁ ਮੁਰਾਰੇ॥ | 25 |
| 24. ਨਾਥ ਕਛੂਅ ਨ ਜਾਨਉ॥ | 26 |
| 25. ਸਹ ਕੀ ਸਾਰ ਸੁਹਾਗਨਿ ਜਾਨੈ॥ | 27 |
| 26. ਜੋ ਦਿਨ ਆਵਹਿ ਸੋ ਦਿਨ ਜਾਹੀ॥ | 28 |
| 27. ਊਚੇ ਮੰਦਰ ਸਾਲ ਰਸੋਈ॥ | 29 |
| 28. ਦਾਰਿਦੁ ਦੇਖ ਸਭ ਕੋ ਹਸੈ....... | 30 |
| 29. ਜਿਹ ਕੁਲ ਸਾਧੁ ਬੈਸਨੌ ਹੋਇ॥ | 31 |
| 30. ਮੁਕੰਦ ਮੁਕੰਦ ਜਪਹੁ ਸੰਸਾਰ॥ | 32 |
| 31. ਜੇ ਓਹ ਅਠਿਸਠਿ ਤੀਰਥ ਨ੍ਹਾਵੈ॥ | 34 |
| 32. ਪੜੀਐ ਗੁਨੀਐ ਨਾਮੁ ਸਭੁ ਸੁਨੀਐ.... | 35 |
| 33. ਐਸੀ ਲਾਲ ਤੁਝ ਬਿਨੁ ਕਉਨੁ ਕਰੈ॥ | 37 |
| 34. ਸੁਖ ਸਾਗਰ ਸੁਰਿਤਰੁ ਚਿੰਤਾਮਨਿ..... | 38 |
| 35. ਖਟੁ ਕਰਮ ਕੁਲ ਸੰਜੁਗਤੁ ਹੈ..... | 39 |

| ਲੜੀ ਨੰ: ਸ਼ਬਦ | ਪੰਨਾ |
|---|---|
| 36. ਬਿਨੁ ਦੇਖੇ ਉਪਜੈ ਨਹੀ ਆਸਾ॥ | 40 |
| 37. ਤੁਝਹਿ ਸੁਝੰਤਾ ਕਛੂ ਨਾਹਿ॥ | 41 |
| 38. ਨਾਗਰ ਜਨਾਂ ਮੇਰੀ ਜਾਤਿ ਬਿਖਿਆਤ ਚੰਮਾਰੰ॥ | 43 |
| 39. ਹਰਿ ਜਪਤ ਤੇਊ ਜਨਾ ਪਦਮ ਕਵਲਾਸ ਪਤਿ.... | 44 |
| 40. ਮਿਲਤ ਪਿਆਰੋ ਪ੍ਰਾਨ ਨਾਥੁ ਕਵਨਿ ਭਗਤਿ ਤੇ॥ | 46 |
| 41 ਹਰਿ ਸੋ ਹੀਰਾ ਛਾਡਿ ਕੈ...... | 47 |